## ਅੱਜ ਦਾ ਸ਼ੁਭ ਵਿਚਾਰ



ਆਪਣਿਆਂ ਦੀਆਂ ਖ਼ੁਸ਼ੀਆਂ ਲਈ ਖ਼ੁੱਦ ਅੰਦਰਲਾ ਦਰਦ ਛੁੱਪਾ ਕੇ ਕੋਲੋ ਲੰਘ ਜਾਣਾ ਵਡੱਪਣ ਹੀ ਤਾਂ ਹੁੰਦੈ॥

ਅਮਨਦੀਪ ਮਹਿਰਾ

ਰੋਜ਼ਾਨਾ ਲੋਕ ਬਾਣੀ
www.lokbani.com

ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਵੀਰਵਾਰ, 06 ਫਰਵਰੀ 2025

Email:- lokbani08@gmail.com







R. N. I. Punpun/29016/2008 ✶ ਸਾਲ 16 , ✶ ਅੰਕ : 234, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111





## ਅਮਰੀਕੀ ਜੱਜ ਨੇ ਟਰੰਪ ਦੇ ਜਨਮ ਅਧਿਕਾਰ ਨਾਗਰਿਕਤਾ ਰੱਦ ਕਰਨ ਦੇ ਹੁਕਮ ਨੂੰ ਰੋਕਿਆ



ਗ੍ਰੀਨਬੈਲਟ ਲੋਕ ਬਾਣੀ- ਮੈਰੀਲੈਂਡ ਦੇ ਇੱਕ ਸੰਘੀ ਜੱਜ ਨੇ ਡੋਨਲਡ ਟਰੰਪ ਪ੍ਰਸ਼ਾਸਨ ਦੇ ਸੰਯੁਕਤ ਰਾਜ ਵਿੱਚ ਜਨਮ ਅਧਿਕਾਰ ਨਾਗਰਿਕਤਾ ਨੂੰ ਰੱਦ ਕਰਨ ਦੇ ਕਾਰਜਕਾਰੀ ਹੁਕਮ 'ਤੇ ਰੋਕ ਲਾ ਦਿੱਤੀ ਹੈ। ਇਸ ਨਾਲ ਅਮਰੀਕਾ ਦੇ ਨਵੇਂ ਬਣੇ ਰਾਸ਼ਟਰਪਤੀ ਡੋਨਲਡ ਟਰੰਪ ਵੱਲੋਂ ਜਨਮ ਅਧਿਕਾਰ ਨਾਗਰਿਕਤਾ ਦੀ ਸੰਵਿਧਾਨਕ ਗਾਰੰਟੀ 'ਤੇ ਰੋਕ ਸਬੰਧੀ ਹੁਕਮਾਂ ਨੂੰ ਝਟਕਾ ਲੱਗਿਆ ਹੈ। ਜੱਜ ਨੇ ਟਰੰਪ ਦੇ ਹੁਕਮ ਦਾ ਬਚਾਅ ਕਰਨ ਵਾਲੇ ਅਮਰੀਕੀ ਵਿਭਾਗ ਦੇ ਵਕੀਲ ਨੂੰ ਕਿਹਾ, 'ਇਹ ਸਪੱਸ਼ਟ ਤੌਰ 'ਤੇ ਅਸੰਵਿਧਾਧਿਕ ਹੁਕਮ ਹੈ।'

## ਨਾਈਜੀਰੀਆ ਦੇ ਇਸਲਾਮਿਕ ਸਕੂਲ ਵਿੱਚ ਅੱਗ; 17 ਵਿਦਿਆਰਥੀਆਂ ਦੀ ਮੌਤ




ਅਬੂਜਾ, ਲੋਕ ਬਾਣੀ- ਉੱਤਰੀ ਨਾਈਜੀਰੀਆ ਦੇ ਜ਼ਮਫਾਰਾ ਸੂਬੇ ਵਿੱਚ ਇਕ ਇਸਲਾਮਿਕ ਸਕੂਲ ਵਿਚ ਅੱਗ ਲੱਗਣ ਕਾਰਨ 17 ਵਿਦਿਆਰਥੀਆਂ ਦੀ ਮੌਤ ਹੋ ਗਈ। ਪੁਲੀਸ ਦੇ ਬੁਲਾਰੇ ਨੇ ਦੱਸਿਆ ਕਿ ਜ਼ਮਫਾਰਾ ਸੂਬੇ ਦੇ ਕੌਰਾਂ ਨਮੋਦਾ ਕਸਬੇ ਦੇ ਇੱਕ ਇਸਲਾਮੀ ਸਕੂਲ ਵਿਚ ਅੱਗ ਲੱਗ ਗਈ ਤੇ ਇਸ ਕਾਰਨ 17 ਵਿਦਿਆਰਥੀਆਂ ਦੀ ਮੌਤ ਹੋ ਗਈ ਜਿਨ੍ਹਾਂ ਦੀ ਉਮਰ ਸੱਤ ਤੋਂ ਸਤਾਰਾਂ ਸਾਲ ਦਰਮਿਆਨ ਸੀ। ਇਸ ਅੱਗ ਕਾਰਨ 12 ਹੋਰ ਗੰਭੀਰ ਰੂਪ ਵਿੱਚ ਝੁਲਸ ਗਏ ਜਿਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ ਹੈ। ਪੁਲੀਸ ਬੁਲਾਰੇ ਯਾਜਿਦ ਅਬੂਬਕਰ ਨੇ ਕਿਹਾ ਕਿ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗਿਆ

## ਬੰਗਲਾਦੇਸ਼ ਵਿੱਚ ਮੁੜ ਹਿੰਸਾ ਭੜਕੀ



ਢਾਕਾ, ਲੋਕ ਬਾਣੀ- -ਇੱਥੇ ਆਵਾਮੀ ਲੀਗ ਖ਼ਿਲਾਫ ਚਲ ਰਹੇ ਪ੍ਰਦਰਸ਼ਨਾਂ ਦੇ ਮੱਦੇਨਜ਼ਰ ਅੱਜ ਮੁੜ ਹਿੰਸਾ ਭੜਕ ਪਈ। ਪ੍ਰਦਰਸ਼ਨਕਾਰੀਆਂ ਨੇ ਸਾਬਕਾ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਦੇ ਪਿਤਾ ਤੇ ਰਿਸ਼ਤੇਦਾਰਾਂ ਦੇ ਘਰਾਂ ਵਿਚ ਦਾਖਲ ਹੋ ਕੇ ਭੰਨਤੋੜ ਕੀਤੀ। ਇਸ ਮੌਕੇ ਸੁਰੱਖਿਆ ਮੁਲਾਜ਼ਮ ਵੀ ਤਾਇਨਾਤ ਸਨ ਜਿਨ੍ਹਾਂ ਨੇ ਹਜੂਮ ਨੂੰ ਸਮਝਾਉਣ ਦੀ ਕੋਸ਼ਿਸ਼ ਵੀ ਕੀਤੀ ਪਰ ਉਨ੍ਹਾਂ ਨੇ ਸੁਰੱਖਿਆ ਬਲਾਂ ਦੀ ਗੱਲ ਅਣਸੁਣੀ ਕਰ ਕੇ ਭੰਨਤੋੜ ਕੀਤੀ। ਇਹ ਭੰਨਤੋੜ ਉਸ ਵੇਲੇ ਕੀਤੀ ਗਈ ਜਦੋਂ ਸੋਸ਼ਲ ਮੀਡੀਆ 'ਤੇ ਭੜਕਾਊ ਬਿਆਨ ਤੇ ਸਮੱਗਰੀ ਅਪਲੋਡ ਕੀਤੀ ਗਈ, ਇਸ ਤੋਂ ਬਾਅਦ ਕਈ ਥਾਈਂ ਪ੍ਰਦਰਸ਼ਨ ਹਿੰਸਕ ਰੂਪ ਧਾਰਨ ਕਰ ਗਏ।

## ਹਿਮਾਚਲ ਵਿੱਚ ਕਈ ਥਾਈਂ ਬਰਫ਼ਬਾਰੀ; ਤੇਜ਼ ਹਵਾਵਾਂ ਚੱਲਣ ਦੀ ਪੇਸ਼ੀਨਗੋਈ



ਸ਼ਿਮਲਾ, ਲੋਕ ਬਾਣੀ- ਹਿਮਾਚਲ ਪ੍ਰਦੇਸ਼ ਦੇ ਉੱਚੇ ਇਲਾਕਿਆਂ ਵਿੱਚ ਅੱਜ ਸ਼ਾਮ ਵੇਲੇ ਬਰਫਬਾਰੀ ਹੋਈ ਜਿਸ ਵਿਚ ਪ੍ਰਮੁੱਖ ਸੈਲਾਨੀ ਕੇਂਦਰ ਵੀ ਸ਼ਾਮਲ ਹਨ। ਮੌਸਮ ਵਿਭਾਗ ਅਨੁਸਾਰ ਸ਼ਿਮਲਾ, ਕੁੱਲੂ, ਕਿਨੌਰ, ਲਾਹੌਲ ਅਤੇ ਸਪਿਤੀ ਅਤੇ ਚੰਬਾ ਜ਼ਿਲ੍ਹਿਆਂ ਵਿੱਚ ਵੱਖ-ਵੱਖ ਥਾਵਾਂ 'ਤੇ ਬਰਫ਼ਬਾਰੀ ਹੋਈ। ਸ਼ਿਮਲਾ ਜ਼ਿਲ੍ਹੇ ਦੇ ਸੈਰ-ਸਪਾਟਾ ਕੇਂਦਰ ਨਾਰਕੰਡਾ ਅਤੇ ਕੁਫਰੀ, ਚੰਬਾ ਦੇ ਡਲਹੌਜ਼ੀ ਅਤੇ ਕੁੱਲੂ ਦੇ ਮਨਾਲੀ ਅਤੇ ਆਸ-ਪਾਸ ਦੇ ਇਲਾਕਿਆਂ 'ਚ ਵੀ ਬਰਫ ਪਈ। ਮੰਡੀ ਜ਼ਿਲੇ ਦੇ ਸੇਰਾਜ, ਪਰਾਸ਼ਰ, ਸ਼ਿਕਾਰੀ ਅਤੇ ਕਮਰੂਨਾਗ ਵਿਚ ਵੀ ਬਰਫਬਾਰੀ ਦੀਆਂ ਖਬਰਾਂ ਹਨ। ਇਸ ਤਾਜ਼ਾ ਬਰਫ਼ਬਾਰੀ ਕਾਰਨ ਸੈਲਾਨੀਆਂ ਦੀ ਆਮਦ ਵਧ ਸਕਦੀ ਹੈ ਤੇ ਹੋਟਲ ਮਾਲਕਾਂ ਲਈ ਚੰਗੀ ਖਬਰ ਹੈ।

## ਅੰਬਾਲਾ-ਚੰਡੀਗੜ੍ਹ ਮੁੱਖ ਮਾਰਗ 'ਤੇ ਲਾਲੜੂ ਨੇੜੇ ਲੱਗਿਆ ਜਾਮ



ਚੰਡੀਗੜ੍ਹ, ਲੋਕ ਬਾਣੀ-ਅੰਬਾਲਾ-ਚੰਡੀਗੜ੍ਹ ਮੁੱਖ ਮਾਰਗ 'ਤੇ ਅੱਜ ਪਿੰਡ ਸਰਸੀਣੀ ਤੋਂ ਲੈ ਕੇ ਲੈਹਲੀ ਤੱਕ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗੀਆਂ। ਇਸ ਕਾਰਨ ਲਾਲੜੂ ਇਲਾਕੇ ਦੀਆਂ ਸਾਰੀਆਂ ਲਿੰਕ ਸੜਕਾਂ, ਇੱਥੋਂ ਤੱਕ ਕਿ ਪਿੰਡਾਂ ਦੀਆਂ ਗਲੀਆਂ ਵਿੱਚੋਂ ਵੀ ਭਾਰੀ ਵਾਹਨ ਲੰਘ ਰਹੇ ਹਨ ਅਤੇ ਜਾਮ ਵਿੱਚ ਫਸੇ ਵਾਹਨ ਚਾਲਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਿਇਹ ਜਾਮ ਬੀਤੀ ਰਾਤ ਤੋਂ ਹੀ ਲੱਗਿਆ ਹੋਇਆ ਹੈ ਜਿਸ ਕਾਰਨ ਅੱਜ ਵੀ ਵਾਹਨ ਬਹੁਤ ਘੱਟ ਰਫਤਾਰ ਨਾਲ ਅੱਗੇ ਵਧ ਰਹੇ ਹਨ।

## ਅਮਰੀਕਾ ਗਿਆ ਜੜੌਤ ਦਾ ਨੌਜਵਾਨ ਵਾਪਸ ਭੇਜਿਆ



ਲਾਲੜੂ, ਲੋਕ ਬਾਣੀ--ਪਿੰਡ ਜੜੌਤ ਦਾ ਵਸਨੀਕ 22 ਸਾਲਾ ਪ੍ਰਦੀਪ ਉਰਫ ਦੀਪੂ 6 ਮਹੀਨੇ ਵੱਖ-ਵੱਖ ਦੇਸ਼ਾਂ ਵਿੱਚ ਘੁੰਮਣ ਤੋਂ ਬਾਅਦ ਅਮਰੀਕਾ ਪੁੱਜਿਆ ਸੀ ਪਰ ਉਸ ਨੂੰ ਵਾਪਸ ਭੇਜ ਦਿੱਤਾ ਗਿਆ ਹੈ। ਉਸ ਨੇ ਜਿਵੇਂ ਹੀ ਅਮਰੀਕਾ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕੀਤੀ ਤਾਂ ਉਸ ਨੂੰ ਅਮਰੀਕਾ ਦੀ ਪੁਲੀਸ ਨੇ ਫੜ ਲਿਆ। ਉਸ ਨੂੰ ਭਾਰਤੀ ਗਰੁੱਪ ਸਮੇਤ ਭਾਰਤ ਵਾਪਸ ਭੇਜ ਦਿੱਤਾ ਗਿਆ।

## ਕੈਦੀ ਤੋਂ ਨਸ਼ੀਲੀਆਂ ਗੋਲੀਆਂ ਬਰਾਮਦ



ਲੁਧਿਆਣਾ, ਲੋਕ ਬਾਣੀ - ਕੇਂਦਰੀ ਜੇਲ੍ਹ ਦੇ ਅਧਿਕਾਰੀਆਂ ਵੱਲੋਂ ਜੇਲ੍ਹ ਅੰਦਰ ਕੀਤੀ ਗਈ ਚੈਕਿੰਗ ਦੌਰਾਨ ਇੱਕ ਕੈਦੀ ਤੋਂ ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਇਸ ਸਬੰਧੀ ਥਾਣਾ ਡਿਵੀਜ਼ਨ ਨੰਬਰ 7 ਦੀ ਪੁਲੀਸ ਨੂੰ ਕੇਂਦਰੀ ਜੇਲ੍ਹ ਦੇ ਸਹਾਇਕ ਸੁਪਰਡੈਂਟ ਅਵਤਾਰ ਸਿੰਘ ਨੇ ਦੱਸਿਆ ਕਿ ਜੇਲ੍ਹ ਅੰਦਰ ਕੀਤੀ ਗਈ ਚੈਕਿੰਗ ਦੌਰਾਨ ਕੈਦੀ ਬਾਬਰ ਆਲਮ ਵਾਸੀ ਢੰਡਾਰੀ ਕਲਾਂ ਗੁਰੂ ਨਾਨਕ ਕਲੋਨੀ ਕੋਲੋਂ 23 ਸੰਤਰੀ ਰੰਗ ਦੀਆਂ ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ ਹਨ। ਥਾਣੇਦਾਰ ਦਿਨੇਸ਼ ਕੁਮਾਰ ਨੇ ਦੱਸਿਆ ਕਿ ਪੁਲੀਸ ਵੱਲੋਂ ਜੇਲ੍ਹ ਨਿਯਮਾਂ ਦੀ ਉਲੰਘਣਾ ਦੇ ਦੋਸ਼ ਹੇਠ ਕੇਸ ਦਰਜ ਕੀਤਾ ਗਿਆ ਹੈ।

## ਕਿਸਾਨਾਂ ਨੇ ਬਜਟ ਦੀਆਂ ਕਾਪੀਆਂ ਫੂਕੀਆਂ



ਸੰਗਰੂਰ, ਲੋਕ ਬਾਣੀ- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਅਗਵਾਈ ਹੇਠ ਕਿਸਾਨਾਂ ਨੇ ਅੱਜ ਮੁੱਖ ਮੰਤਰੀ ਦੀ ਕੋਠੀ ਤੋਂ ਕੁੱਝ ਦੂਰੀ 'ਤੇ ਜ਼ੀਰਕਪੁਰ-ਬਠਿੰਡਾ ਕੌਮੀ ਹਾਈਵੇਅ-7 ਦੇ ਪਟਿਆਲਾ ਬਾਈਪਾਸ ਓਵਰਬ੍ਰਿਜ ਨੇੜੇ ਬਜਟ ਦੀਆਂ ਕਾਪੀਆਂ ਸਾੜਦਿਆਂ ਰੋਸ ਮੁਜ਼ਾਹਰਾ ਕੀਤਾ। ਇਸ ਦੌਰਾਨ ਉਨ੍ਹਾਂ ਬਜਟ ਨੂੰ ਕਿਸਾਨ-ਮਜ਼ਦੂਰ ਵਿਰੋਧੀ ਕਰਾਰ ਦਿੰਦਿਆਂ ਕੇਂਦਰ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਵੀ ਕੀਤੀ। ਭਾਕਿਯੂ ਏਕਤਾ ਉਗਰਾਹਾਂ ਦੇ ਝੰਡੇ ਹੇਠ ਕਿਸਾਨ ਗੁਰਦੁਆਰਾ ਨਵਾਂ ਮਸਤੂਆਣਾ ਸਾਹਿਬ ਵਿਖੇ ਇਕੱਠੇ ਹੋਏ ਜਿਥੋਂ ਕਾਫ਼ਲੇ ਦੇ ਰੂਪ ਵਿਚ ਕੌਮੀ ਹਾਈਵੇਅ ਦੇ ਪਟਿਆਲਾ ਬਾਈਪਾਸ ਓਵਰਬ੍ਰਿਜ਼ ਹੇਠਾਂ ਪੁੱਜੇ ਜਿਥੇ ਕੇਂਦਰ ਸਰਕਾਰ ਦੇ ਬਜਟ ਦੀਆਂ ਕਾਪੀਆਂ ਸਾੜਦਿਆਂ ਰੋਸ ਪ੍ਰਦਰਸ਼ਨ ਕੀਤਾ ਗਿਆ। ਕਿਸਾਨਾਂ ਵਲੋਂ ਬਜਟ ਨੂੰ ਕਿਸਾਨ-ਮਜ਼ਦੂਰ ਵਿਰੋਧੀ ਅਤੇ ਕਾਰਪੋਰੇਟ ਘਰਾਣਿਆਂ ਦਾ ਹਮਾਇਤੀ ਬਜਟ ਕਰਾਰ ਦਿੰਦਿਆਂ ਕੇਂਦਰ ਸਰਕਾਰ 'ਤੇ ਕਿਸਾਨਾਂ ਨਾਲ ਵਿਤਕਰੇਬਾਜ਼ੀ ਕਰਨ ਦਾ ਦੋਸ਼ ਲਾਇਆ।





ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਸੁਰਿੰਦਰ ਛਿੰਦੇ ਨੇ ਸੰਤਾਂ ਮਹਾਂਪੁਰਸ਼ਾਂ ਦਾ ਅਪਮਾਨ ਕਰਕੇ ਆਦਿ ਧਰਮ ਮਿਸ਼ਨ ਨੂੰ ਬਦਨਾਂਮ ਕੀਤਾ : ਸੰਤ ਸਰਵਣ ਦਾਸ, ਸੰਤ ਨਿਰਮਲ ਦਾਸ , ਸੰਤ ਇੰਦਰ ਦਾਸ

ਹੁਸ਼ਿਆਰਪੁਰ (ਲੋਕ ਬਾਣੀ) ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੀ ਵਿਸ਼ੇਸ਼ ਮੀਟਿੰਗ ਸੰਤ ਸਰਵਣ ਦਾਸ ਜੀ ਬੋਹਣ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ,ਸੰਤ ਨਿਰਮਲ ਦਾਸ ਬਾਬੇ ਜੌੜੇ ਦੀ ਪ੍ਰਧਾਨਗੀ ਹੇਠ ਡੇਰਾ ਸੰਤ ਸੀਤਲ ਦਾਸ ਬੋਹਣ ਵਿਖੇ ਹੋਈ। ਇਸ ਮੌਕੇ ਸੁਸਾਇਟੀ ਦੇ ਚੱਲ ਰਹੇ ਪ੍ਰੋਜੈਕਟਾਂ ਦੇ ਕਾਰਜਾਂ ਸਬੰਧੀ ਵਿਚਾਰ ਵਟਾਂਦਰਾ ਹੋਇਆ। ਇਸ ਮੌਕੇ ਸੰਤ ਸਰਵਣ ਦਾਸ ਬੋਹਣ ਚੇਅਰਮੈਨ, ਸੰਤ ਨਿਰਮਲ ਦਾਸ ਬਾਬੇ ਜੌੜੇ ਪ੍ਰਧਾਨ, ਸੰਤ ਇੰਦਰ ਦਾਸ ਸੇਖੈ ਜਨਰਲ ਸਕੱਤਰ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ 648ਵਾਂ ਪ੍ਰਕਾਸ਼ ਪੁਰਬ 13 ਫਰਵਰੀ ਨੂੰ ਸ੍ਰੀ ਗੁਰੂ ਰਵਿਦਾਸ ਸਦਨ ਨੇੜੇ ਸ੍ਰੀ ਚਰਨਛੋਹ ਗੰਗਾ ਖੁਰਾਲਗੜ ਸਾਹਿਬ ਪਿੰਡ ਮਹਿਦਪੁਰ ਭੰਗਲ ਵਿਖੇ ਸ਼ਰਧਾ ਪੂਰਵਕ ਮਨਾਇਆ ਜਾਵੇਗਾ। ਜਿਸ ਵਿਚ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਰਾਗੀ, ਢਾਡੀ, ਕਵੀਸ਼ਰੀ ਜਥੇ ਅਤੇ ਸੰਤ ਮਹਾਂਪੁਰਸ਼ ਸੰਗਤਾਂ ਨੂੰ ਬਾਣੀ ਰਾਹੀਂ ਨਿਹਾਲ ਕਰਨਗੇ।

।ਇਸ ਮੌਕੇ ਸੰਤਾਂ ਮਹਾਂਪੁਰਸ਼ਾਂ ਨੇ ਕਿਹਾ ਕਿ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਵਲੋਂ ਸ੍ਰੀ ਚਰਨਛੋਹ ਗੰਗਾ ਗੁਰੂਘਰ ਦੀ ਪ੍ਰਧਾਨਗੀ ਤੋਂ ਹਟਾਏ ਗਏ ਸੁਰਿੰਦਰ ਛਿੰਦੇ ਵਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ 13 ਫਰਵਰੀ ਨੂੰ ਪ੍ਰਕਾਸ਼ ਪੁਰਬ ਮਨਾਉਣ ਲਈ ਸ੍ਰੀ ਗੁਰੂ ਰਵਿਦਾਸ ਬੇਗਮਪੁਰਾ ਸਦਨ ਵਲੋਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਖ੍ਰੀਦੀ ਗਈ 36 ਏਕੜ ਜ਼ਮੀਨ ਦੀ ਸਾਫ ਸਫਾਈ ਕਰਨ ਗਏ ਸੰਤਾਂ ਮਹਾਂਪੁਰਸ਼ਾਂ ਨੂੰ ਭੈੜੇ



ਬੋਲ ਬੋਲਕੇ ਆਦਿ ਧਰਮ ਮਿਸ਼ਨ ਭਾਰਤ ਅਤੇ ਆਦਿ ਧਰਮ ਦੇ ਰਹਿਬਰਾਂ ਦਾ ਅਪਮਾਨ ਕੀਤਾ ਹੈ। ਓਨਾਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਝੂਠੇ ਤੇ ਗੁਮਰਾਹਕੁੰਨ ਪ੍ਰਚਾਰ ਤੋਂ ਸੁਚੇਤ ਰਹਿਣ। ਸ੍ਰੀ ਗੁਰੂ ਰਵਿਦਾਸ ਬੇਗਮਪੁਰਾ ਸਦਨ ਦੀ ਜਮੀਨ ਜੋ ਕੁੱਝ ਲੋਕ ਕਬਜਾ ਕਰਕੇ ਦੱਬੀ ਬੈਠੇ ਹਨ ਉਹ ਸਾਰੀ ਗੁਰੂ ਰਵਿਦਾਸ ਨਾਮਲੇਵਾ ਸੰਗਤ ਦੀ ਜਮੀਨ ਹੈ ਕਿਉਂਕਿ ਸੰਗਤਾਂ ਨੇ ਪੈਸਾ ਖਰਚ ਕਰਕੇ ਸਮਾਜ ਲਈ ਸਕੂਲ, ਕਾਲਿਜ, ਹਸਪਤਾਲ ਖੋਹਲਣ ਵਾਸਤੇ ਖਰੀਦ ਕੀਤੀ ਹੈ। ਓਨਾਂ ਕਿਹਾ ਬਾਰ ਬਾਰ ਨਿਸ਼ਾਨਦੇਹੀ ਕਰਨ ਤੋਂ ਬਾਅਦ ਵੀ ਸਾਡੀ ਪੰਜ ਏਕੜ ਜ਼ਮੀਨ ਕਬਜਾ ਕੀਤਾ ਹੋਇਆ ਹੈ ਅਤੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਟੈਂਟ ਲਗਾਉਣ ਅਤੇ ਤਿਆਰੀਆਂ ਤੋਂ ਰੋਕਿਆ ਗਿਆ ਜੋ ਕਿ ਬਹੁਤ ਮੰਦਭਾਗਾ ਹੈ। ਸੰਤਾਂ ਮਹਾਂਪੁਰਸ਼ਾਂ ਨੇ ਕਿਹਾ ਕਿ ਅਸ਼ੀ ਮਾਨਯੋਗ ਅਦਾਲਤ ਦਾ ਪੂਰਾ ਸਤਿਕਾਰ ਕਰਦੇ ਹਾਂ ਅਤੇ ਜਲਦ ਹੀ 36 ਏਕੜ ਜ਼ਮੀਨ ਦੇ ਸਾਰੇ ਸਬੂਤ ਪੇਸ਼ ਕਰਾਂਗੇ।

ਇਸ ਮੌਕੇ ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ, ਸੰਤ ਸਰਵਣ ਦਾਸ ਲੁਧਿਆਣਾ ਸੀਨੀ.ਵਾਈਸ ਪ੍ਰਧਾਨ , ਸੰਤ ਬਲਵੰਤ ਸਿੰਘ ਡਿੰਗਰੀਆਂ ਵਾਈਸ ਪ੍ਰਧਾਨ , ਸੰਤ ਰਮੇਸ਼ ਦਾਸ ਕਲਰਾਂ ਸ਼ੇਰਪੁਰ, ਸੰਤ ਧਰਮਪਾਲ ਸ਼ੇਰਗੜ, ਸੰਤ ਬਲਕਾਰ ਸਿੰਘ ਤਗੜ ਵਡਾਲਾ , ਸੰਤ ਜਗੀਰ ਸਿੰਘ ਨੰਦਾਚੌਰ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਗੁਰਮੀਤ ਦਾਸ ਪਿੱਪਲਾਂਵਾਲਾ, ਸੰਤ ਪ੍ਰੇਮ ਦਾਸ ਭਵਿਆਣਾ, ਭੈਣ ਸੰਤੋਸ਼ ਕੁਮਾਰੀ ਬਿਲਡਿੰਗ ਇੰਚਾਰਜ, ਲਵਪ੍ਰੀਤ ਬੋਹਣ , ਗਿਆਨੀ ਰਵਿੰਦਰ ਸਿੰਘ, ਗਿਆਨੀ ਦਲਜੀਤ ਸਿੰਘ, ਰਾਮ ਭੱਜ ਕਰਾੜੀ,ਵੀ ਹਾਜਰ ਸਨ।

ਪੱਖ : ਇਸ ਸਬੰਧੀ ਜਦੋਂ ਸੁਰਿੰਦਰ ਸ਼ਿੰਦੇ ਨਾਲ ਉਹਨਾ ਦਾ ਪੱਖ ਜਾਨਣ ਲਈ ਉਨਾਂ ਦੇ ਦੋਵਾਂ ਨੰਬਰਾਂ ਤੇ ਵਾਰ-ਵਾਰ ਫੋਨ ਕੀਤਾ ਤਾਂ ਉਹਨਾਂ ਨੇ ਫੋਨ ਚੱਕਣਾ ਮੁਨਾਸਿਬ ਨਹੀ ਸਮਝਿਆ ! ਇਸ ਸਬੰਧੀ ਜਦੋਂ ਵੀ ਸੁਰਿੰਦਰ ਸ਼ਿੰਦਾ ਨਾਲ ਸੰਪਰਕ ਹੋਵੇਗਾ ਤਾਂ ਉਸਦਾ ਪੱਖ ਜਾਣ ਕੇ ਜਨਤਾ ਵਿੱਚ ਰੱਖ ਦਿੱਤਾ ਜਾਵੇਗਾ !

# ਵੀਆਈਪੀ ਰੋਡ ਜ਼ੀਰਕਪੁਰ ਦੀ ਭੈੜੀ ਹਾਲਤ ਦੇ ਸੰਬੰਧ ਵਿੱਚ ਸੇਵਕ ਸਭਾ ਨੇ ਦਿੱਤਾ ਪ੍ਰਸ਼ਾਸਨ ਨੂੰ ਮੰਗ ਪੱਤਰ

ਮੋਹਾਲੀ , (ਲੋਕ ਬਾਣੀ)

ਜ਼ੀਰਕਪੁਰ ਦੀ ਵੀਆਈਪੀ ਰੋਡ ਦੀ ਸਭ ਤੋਂ ਵੱਡੀ ਸਮੱਸਿਆ ਡੋਮੀਨੋਜ ਚੌਂਕ ਤੋਂ ਸਕਾਈਲਾਈਨ ਪਾਰਕ ਤੱਕ ਸੜਕ ਤੇ ਫੈਲੇ ਚਿੱਕੜ ਦੀ ਸਮੱਸਿਆ ਨੂੰ ਲੈ ਕੇ ਸੇਵਕ ਸਭਾ ਦੇ ਪ੍ਰਧਾਨ ਸ਼੍ਰੀ ਸੰਦੀਪ ਪਰੂਥੀ ਦੀ ਅਗਵਾਈ ਵਿੱਚ ਇੱਕ ਵਫਦ ਜ਼ਿਲੇ ਦੇ ਸਹਾਇਕ ਡਿਪਟੀ ਕਮਿਸ਼ਨਰ ਸ੍ਰੀ ਅਨਮੋਲ ਸਿੰਘ ਧਾਲੀਵਾਲ ਨੂੰ ਮਿਲਿਆ ਅਤੇ ਸੜਕ ਦੀ ਭੈੜੀ ਹਾਲਤ ਨੂੰ ਪਹਿਲ ਦੇ ਅਧਾਰ ਤੇ ਠੀਕ ਕਰਵਾਉਣ ਲਈ ਇਲਾਕਾ ਨਿਵਾਸੀਆਂ ਵੱਲੋਂ ਇੱਕ ਮੰਗ ਪੱਤਰ ਦਿੱਤਾ।

ਇਸ ਮੰਗ ਪੱਤਰ ਵਿੱਚ ਦੱਸਿਆ ਗਿਆ ਕਿ ਬੀਤੇ ਕੁਝ ਮਹੀਨਿਆਂ ਤੋਂ ਵੀਆਈਪੀ ਰੋਡ ਦੀ ਸਕਾਈਲਾਇਨ ਪਾਰਕ ਸੁਸਾਇਟੀ ਤੋਂ ਲੈ ਕੇ ਡੋਮੀਨੋਜ ਚੌਂਕ ਤੱਕ ਸੀਵਰੇਜ ਦੀਆਂ ਪਾਈਪਾਂ ਪਾਉਣ ਦਾ ਕੰਮ ਜੋ ਚੱਲ ਰਿਹਾ ਹੈ ਉਸ ਸਬੰਧੀ ਪੈਂਟਾ ਹੋਮਜ ਤੱਕ ਪਾਇਪਾਂ ਪਾ ਕੇ ਉਸ ਤੋਂ ਬਾਅਦ ਸਿਰਫ ਉਸਨੂੰ ਮਿੱਟੀ ਨਾਲ ਭਰ ਕੇ ਛੱਡ ਦਿੱਤਾ ਗਿਆ ਹੈ। ਕੁੱਝ ਦਿਨ ਪਹਿਲਾਂ ਪਈ ਬਰਸਾਤ ਕਾਰਨ ਅਤੇ ਸੀਵਰੇਜ ਦਾ ਪਾਣੀ ਓਵਰਫਲੋ ਹੋ ਜਾਣ ਕਾਰਨ ਸੜਕ ਉੱਪਰ ਚਿੱਕੜ ਹੀ ਚਿੱਕੜ ਅਤੇ ਗੰਦਗੀ ਹੀ ਗੰਦਗੀ ਫੈਲ ਗਈ ਹੈ, ਜਿਸ ਨਾਲ ਇਲਾਕਾ ਨਿਵਾਸੀਆਂ ਦਾ ਘਰੋਂ ਨਿਕਲਣਾ ਮੁਸ਼ਕਿਲ ਹੋ ਗਿਆ ਹੈ , ਬੱਚਿਆਂ ਦਾ ਸਕੂਲ ਜਾਣਾ ਮੁਸ਼ਕਿਲ ਹੋ ਗਿਆ ਹੈ ਅਤੇ ਲੋਕੀਂ ਸੀਵਰੇਜ ਦੇ ਗੰਦੇ ਪਾਣੀ ਕਾਰਨ ਫੈਲੀ ਬਦਬੂ ਤੋਂ ਬੇਹਾਲ ਹੋ ਕੇ ਆਪਣਾ ਜੀਵਨ ਬਿਤਾ ਰਹੇ ਹਨ



ਅਤੇ ਉਹਨਾਂ ਨੂੰ ਡਰ ਹੈ ਕਿ ਕੋਈ ਭਿਆਨਕ ਬਿਮਾਰੀ ਫੈਲ ਕੇ ਉਹਨਾਂ ਨੂੰ ਆਪਣੀ ਲਪੇਟ ਵਿੱਚ ਨਾ ਲੈ ਲਵੇ।

ਇਹ ਸਾਰੀ ਸਮੱਸਿਆ ਨੂੰ ਬੜੇ ਧਿਆਨ ਨਾਲ ਸੁਣਨ ਤੋਂ ਬਾਅਦ ਅਡੀਸ਼ਨਲ ਡਿਪਟੀ ਕਮਿਸ਼ਨਰ ਸ੍ਰੀ ਅਨਮੋਲ ਸਿੰਘ ਧਾਲੀਵਾਲ ਨੇ ਸਬੰਧਤ ਕਰਮਚਾਰੀਆਂ ਨੂੰ ਇਸ ਕੰਮ ਨੂੰ ਸਮਾਂਬੱਧ ਤਰੀਕੇ ਨਾਲ ਕਰਵਾਉਣ ਦੇ ਨਿਰਦੇਸ਼ ਦਿੱਤੇ। ਮੰਗ ਪੱਤਰ ਦੇਣ ਵਾਲਿਆਂ ਵਿੱਚ ਮਾਇਆ ਗਾਰਡਨ ਫੇਸ 3 ਤੋਂ ਕੇ.ਕੇ . ਭਾਸਕਰ, ਪੀ .ਕੇ . ਦੁਆ , ਸਾਊਥ ਸਿਟੀ ਤੋਂ ਆਰ. ਪੀ. ਸਿੰਘ , ਵੀਆਈਪੀ ਐਨਕਲੇਵ ਤੋਂ ਅਸ਼ਵਨੀ ਡੁਮਰਾ, ਸਵਿੱਤਰੀ ਹਾਈਟਸ ਤੋਂ ਸ਼੍ਰੀਮਤੀ ਰਵਿੰਦਰ ਕੌਰ , ਹੌਲੀਵੁੱਡ 01 ਸੁਸਾਇਟੀ ਤੋਂ ਦਵਿੰਦਰ ਚਾਵਲਾ, ਸਾਊਥ ਸਿਟੀ ਤੋਂ ਦਿਨੇਸ਼ਭਾਈ ਪ੍ਰਜਾਪਤੀ, ਵਿਕਾਸ ਭਾਰਦਵਾਜ, ਪ੍ਰਸ਼ਾਂਤ ਸ਼ਰਮਾ , ਪ੍ਰਦੀਪ ਪ੍ਰਜਾਪਤੀ, ਹੇਮੰਤ ਸ਼ਰਮਾ, ਅਭਿਨਵ ਫੁਟੇਦਾਰ, ਮਨੀਸ਼ ਮਿੱਤਲ , ਕਰਨਲ ਦਿਨੇਸ਼ , ਤਰਸੇਮ ਕੁਮਾਰ, ਅਰਵਿੰਦ ਗੋਇਲ ,ਅਨਿਲ ਸੰਗਵਾਂ, ਰਿਸ਼ੂ ਢੀਂਗੜਾ , ਆਰ. ਸੁਬਰਾਮਨੀਅਮ ,ਚਮਨ ਵਾਲੀਆ ਅਤੇ ਸੰਦੀਪ ਕੁਮਾਰ ਦੇ ਨਾਂ ਸ਼ਾਮਲ ਹਨ।

# ਸੁਤੰਤਰਤਾ ਸੰਗਰਾਮੀ ਖਜ਼ਾਨ ਸਿੰਘ ਸਰਕਾਰੀ ਹਾਈ ਸਕੂਲ ਬਦਰਾ ਵਿਖੇ ਮਾਪੇ-ਅਧਿਆਪਕ ਮਿਲਣੀ ਦਾ ਆਯੋਜਨ



ਬਰਨਾਲਾ, (ਲੋਕ ਬਾਣੀ) ਸੁਤੰਤਰਤਾ ਸੰਗਰਾਮੀ ਖਜ਼ਾਨ ਸਿੰਘ ਸਰਕਾਰੀ ਹਾਈ ਸਕੂਲ ਬਦਰਾ ਵਿਖੇ ਸਿੱਖਿਆ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਮਾਪੇ-ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਮਾਪੇ-ਅਧਿਆਪਕ ਮਿਲਣੀ ਦੌਰਾਨ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਪਰਸਨ ਸੁਖਵੀਰ ਕੌਰ ਨੇ ਵਿਸ਼ੇਸ਼ ਤੌਰ ‘ਤੇ ਸ਼ਿਰਕਤ ਕੀਤੀ। ਮਾਪੇ-ਅਧਿਆਪਕ ਮਿਲਣੀ ਮੌਕੇ ਵਿਦਿਆਰਥੀਆਂ ਦੇ ਮਾਤਾ-ਪਿਤਾ ਨੇ ਬੜੇ ਉਤਸ਼ਾਹ ਨਾਲ ਆਪਣੇ ਬੱਚਿਆਂ ਦੀ ਪ੍ਰੀ-ਬੋਰਡ ਪ੍ਰੀਖਿਆ ਦੀ ਕਾਰਗੁਜ਼ਾਰੀ ਬਾਰੇ ਜਾਣਿਆ। ਅਧਿਆਪਕਾਂ ਵੱਲੋਂ ਬੱਚਿਆਂ ਦੇ ਮਾਤਾ-ਪਿਤਾ ਨਾਲ ਸਾਲਾਨਾ ਪ੍ਰੀਖਿਆ ਦੀ ਤਿਆਰੀ, ਮਿਸ਼ਨ 100 ਪ੍ਰਤੀਸ਼ਤ, ਨਵੇਂ ਸ਼ੈਸ਼ਨ ਲਈ ਸਕੂਲ ਵਿੱਚ ਵੱਧ-ਤੋਂ ਵੱਧ ਦਾਖਲੇ ਕਰਵਾਉਣ, ਬੱਚਿਆਂ ਦੀਆਂ ਰੁਚੀਆਂ, ਸਿਹਤ ਸਬੰਧੀ ਆਦਤਾਂ, ਸਹਿ-ਵਿੱਦਿਅਕ ਕਿਰਿਆਵਾਂ ਅਤੇ ਖੇਡਾਂ ਸਬੰਧੀ ਗੱਲਬਾਤ ਕੀਤੀ ਗਈ। ਸਿੱਖਿਆ ਵਿਭਾਗ ਪੰਜਾਬ ਵੱਲੋਂ ਸਕੂਲ ਵਿਦਿਆਰਥੀਆਂ ਲਈ ਚਲਾਈਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਵੀ ਮਾਤਾ-ਪਿਤਾ ਨੂੰ ਜਾਣੂ ਕਰਵਾਇਆ ਗਿਆ। ਇਸ ਮੌਕੇ ਸਕੂਲ ਮੁਖੀ ਗੁਰਜੀਤ ਕੌਰ, ਅਵਤਾਰ ਸਿੰਘ, ਕੁਲਵਿੰਦਰ ਸਿੰਘ, ਕੁਲਵੰਤ ਸਿੰਘ, ਨਿਰਮਲ ਸਿੰਘ, ਚਿਰਜੋਤ ਸਿੰਘ, ਹਰਜੀਤ ਸਿੰਘ ਜੋਗਾ, ਸਮੂਹ ਵਿਦਿਆਰਥੀ ਅਤੇ ਉਹਨਾਂ ਦੇ ਮਾਤਾ-ਪਿਤਾ ਮੌਜੂਦ ਸਨ।

# ਫੋਰ ਐਸ ਖਾਲਸਾ ਸੀ. ਸੈ. ਸਕੂਲ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਪ੍ਰਕਾਸ਼ ਦਿਹਾੜਾ ਮਨਾਇਆ



ਅੰਮ੍ਰਿਤਸਰ, (ਲੋਕ ਬਾਣੀ) - ਸੰਤ ਸਿੰਘ ਸੁੱਖਾ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਮਾਲ ਰੋਡ ਅੰਮ੍ਰਿਤਸਰ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਪ੍ਰਕਾਸ਼ ਦਿਹਾੜਾ ਬਹੁਤ ਹੀ ਧੂਮ-ਧਾਮ ਨਾਲ ਮਨਾਇਆ ਗਿਆ। ਸਾਰੀਆਂ ਸੰਤ ਸਿੰਘ ਸੁੱਖਾ ਸਿੰਘ ਸੰਸਥਾਵਾਂ ਦੇ ਵਿਦਿਆਰਥੀਆਂ ਦੇ ਕੀਰਤਨੀ ਜੱਥਿਆਂ ਨੇ ਮਨਮੋਹਕ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਸ਼ਬਦ ਕੀਰਤਨ ਜੱਥੇ ਨੇ ਗੁਰੂ ਸ਼ਬਦ ਦਾ ਜਸ ਗਾਇਨ ਕਰਦਿਆਂ ਸਰਬੱਤ ਦੇ ਭਰਲੇ ਦੀ ਕਾਮਨਾ ਕਰਦਿਆਂ ਅਰਦਾਸ ਵੀ ਕੀਤੀ ਗਈ ਅਤੇ ਹੁਕਨਾਮੇ ਦੀ ਸੇਵਾ ਨਿਭਾਈ। ਪ੍ਰੋਗਰਾਮ ਦੌਰਾਨ ਵਿਦਿਆਰਥੀ, ਉਹਨਾਂ ਦੇ ਮਾਤਾ-ਪਿਤਾ, ਅਧਿਆਪਕ ਤੇ ਪ੍ਰਬੰਧਕ ਸ਼ਾਮਲ ਹੋਏ। ਇਸ ਮੌਕੇ ਸੰਸਥਾਵਾਂ ਦੇ ਡਾਇਰੈਕਟਰ ਜਗਦੀਸ਼ ਸਿੰਘ ਜੀ ਨੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਜੀਵਨ ਤੇ ਚਾਨਣਾ ਪਾਇਆ ਅਤੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੇ ਦੱਸੇ ਮਾਰਗ ਤੇ ਚੱਲਣ ਦੀ ਸਿੱਖਿਆ ਦਿਤੀ ਅਤੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਆਖਿਆ। ਪ੍ਰਿੰਸੀਪਲ ਡਾ. ਗੁਰਰਤਨ ਸਿੰਘ ਨੇ ਗੁਰੂ ਸਾਹਿਬ ਨਾਲ ਸਬੰਧਤ ਜੀਵਨ ਘਟਨਾਵਾਂ ਦੀ ਸਾਂਝ ਪਾਈ ਅਤੇ ਗੁਰੂ ਸਾਹਿਬ ਦੇ ਫਲਸਫੇ ਨੂੰ ਅਪਨਾਉਣ ਦੀ ਪ੍ਰੇਰਨਾ ਦਿਤੀ ਅਤੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਅੰਮ੍ਰਿਤਸਰ ਦੇ ਨਵੇਂ ਬਣੇ ਮੇਅਰ ਜਤਿੰਦਰ ਸਿੰਘ ਮੋਤੀ ਭਾਟੀਆ ਸ਼ਾਮਿਲ ਹੋਏ ਤੇ ਵਿਦਿਆਰਥੀਆਂ ਨੂੰ ਪ੍ਰੇਰਨਾ ਦਾਇਕ ਸ਼ਬਦਾਂ ਚ ਪੜ੍ਹਾਈ ਨਾਲ ਜੁੜੇ ਰਹਿਣ ਦਾ ਸ਼ੰਦੇਸ਼ ਦਿੱਤਾ, ਕੁੰਵਰ ਵਿਜੈ ਪ੍ਰਤਾਪ ਸਿੰਘ ਐਮ ਐਲ ਏ (ਨੌਰਥ), ਸਕੂਲ ਦੇ ਪੁਰਾਣੇ ਵਿਦਿਆਰਥੀ ਤੇ ਕੌਂਸਲਰ ਰਾਜਕੰਵਲ ਸਿੰਘ ਅਤੇ ਉਹਨਾਂ ਦੀ ਬੇਟੀ ਡਾ. ਸ਼ੋਭਿਤ,ਡਾ. ਨਵਦੀਪ ਕੌਰ, ਗੁਰਪ੍ਰੀਤ ਸਿੰਘ, ਪ੍ਰਿੰਸੀਪਲ ਸਵਿਤਾ ਖੰਨਾ,ਮੈਡਮ ਕੁਲਬੀਰ ਕੌਰ, ਮੈਡਮ ਅੰਜੂ ਸੂਦ, ਪ੍ਰੋ. ਐਚ ਐਸ ਵਾਲੀਆ, ਸਮਸ਼ੇਰ ਸਿੰਘ ਕਾਹਲੋਂ, ਡੀ.ਬੀ ਸਿੰਘ ਅਤੇ ਵੱਖ ਵੱਖ ਸਸਸਸ ਸੰਸਥਾਵਾਂ ਦੇ ਅਧਿਆਪਕ ਹਾਜ਼ਰ ਸਨ।

# ਤਿਆਗ ਦਾ ਅਰਥ ਮਨ ਵਿੱਚੋਂ ਬੇਕਾਰ ਚੀਜ਼ਾਂ ਨੂੰ ਕੱਢਣਾ ਹੈ: ਆਚਾਰੀਆ ਅੰਕਿਤ ਪ੍ਰਭਾਕਰ



ਚੰਡੀਗੜ੍ਹ (ਲੋਕ ਬਾਣੀ) ਕੇਂਦਰੀ ਆਰੀਆ ਸਭਾ ਦੀ ਅਗਵਾਈ ਹੇਠ, ਮਹਾਰਿਸ਼ੀ ਦਯਾਨੰਦ ਸਰਸਵਤੀ ਦੀ ਦੂਜੀ ਜਨਮ ਸ਼ਤਾਬਦੀ ਅਤੇ ਆਰੀਆ ਸਮਾਜ ਦੀ ਸਥਾਪਨਾ ਦੇ 150 ਸਾਲ ਪੂਰੇ ਹੋਣ ਦੇ ਮੌਕੇ ਤੇ, ਆਰੀਆ ਸਮਾਜ ਸੈਕਟਰ 7-ਬੀ, ਚੰਡੀਗੜ੍ਹ ਵਿਖੇ ਚੰਡੀਗੜ੍ਹ, ਪੰਚਕੂਲਾ ਅਤੇ ਮੋਹਾਲੀ ਦੇ ਸਾਰੇ ਆਰੀਆ ਸਮਾਜਾਂ ਅਤੇ ਆਰੀਆ ਵਿਦਿਅਕ ਸੰਸਥਾਵਾਂ ਦੇ ਸਾਂਝੇ ਯਤਨਾਂ ਨਾਲ ਇੱਕ ਵਿਸ਼ੇਸ਼ ਪ੍ਰੋਗਰਾਮ ਸ਼ੁਰੂ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਰਿਗਵੇਦ ਦੇ 25 ਮੰਤਰਾਂ ਦੁਆਰਾ ਬਲੀਦਾਨ ਭੇਟ ਨਾਲ ਹੋਈ। ਇੱਕ ਵੇਦ ਮੰਤਰ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਗਈ। ਇਸ ਮੰਤਰ ਵਿੱਚ, ਦੌਲਤ ਨੂੰ ਪਰਮਾਤਮਾ ਅੱਗੇ ਪ੍ਰਾਰਥਨਾ ਕੀਤੀ ਗਈ ਹੈ ਪਰ ਇਸ ਦੌਲਤ ਨੂੰ ਕੋਈ ਬੰਧਨ ਨਹੀਂ ਬਣਾਉਣਾ ਚਾਹੀਦਾ। ਜਾਇਦਾਦ ਵਿੱਚ ਫਸਦੇ ਹੋਏ ਆਪਣੇ ਜਾਣ-ਪਛਾਣ, ਧਰਮ ਅਤੇ ਫਰਜ਼ਾਂ ਨੂੰ ਨਾ ਭੁੱਲੋ। ਸ਼ਾਮ ਦੇ ਪ੍ਰੋਗਰਾਮ ਦੌਰਾਨ, ਆਚਾਰੀਆ ਅੰਕਿਤ ਪ੍ਰਭਾਕਰ ਨੇ ਆਪਣੇ ਵਿਚਾਰ ਪ੍ਰਗਟ ਕੀਤੇ ਅਤੇ ਕਿਹਾ ਕਿ ਕੁਦਰਤ ਦੇ ਨਿਯਮ ਸਾਡੇ ਗੁਰੂ ਹਨ। ਉਹ ਸਾਨੂੰ ਸਿਖਾਉਂਦੇ ਹਨ। ਇਹ ਸਾਨੂੰ ਫੁੱਲ ਵਾਂਗ ਖਿੜਨਾ ਯਾਨੀ ਮੁਸਕਰਾਉਣਾ ਸਿਖਾਉਂਦਾ ਹੈ। ਉਹ ਸਾਨੂੰ ਖੁਸ਼ੀ ਦਿੰਦਾ ਹੈ। ਸਾਨੂੰ ਵੀ ਫੁੱਲਾਂ ਵਾਂਗ ਖੁਸ਼ ਰਹਿਣਾ ਚਾਹੀਦਾ ਹੈ ਅਤੇ ਦੂਜਿਆਂ ਨਾਲ ਖੁਸ਼ੀ ਸਾਂਝੀ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਮਨ ਨੂੰ ਇਕਾਗਰ ਕਰਕੇ ਕਾਬੂ ਕਰਨਾ ਚਾਹੀਦਾ ਹੈ। ਬੱਚੇ ਅਕਸਰ ਕਹਿੰਦੇ ਹਨ ਕਿ ਉਨ੍ਹਾਂ ਦਾ ਪੜ੍ਹਾਈ ਵਿੱਚ ਮਨ ਨਹੀਂ ਕਰਦਾ। ਇਸਦਾ ਕਾਰਨ ਅਭਿਆਸ ਦੀ ਘਾਟ ਹੈ। ਸਾਨੂੰ ਮਾਨਸਿਕ ਤੌਰ ਤੇ ਤੇਜ਼ ਹੋਣਾ ਚਾਹੀਦਾ ਹੈ। ਆਪਣੇ ਦਿਮਾਗ ਨੂੰ ਤਿੱਖਾ ਕਰਨ ਲਈ, ਇਸਨੂੰ ਕੁਝ ਕੰਮ ਦਿਓ। ਆਚਾਰੀਆ ਨੇ ਯਜੁਰਵੇਦ ਵਿੱਚ ਦੱਸੇ ਗਏ ਸ਼ਿਵਸੰਕਲਪਮਸਤੂ ਮੰਤਰ ਬਾਰੇ ਆਪਣੇ ਵਿਚਾਰ ਦਿੰਦੇ ਹੋਏ ਕਿਹਾ ਕਿ ਸਾਡਾ ਮਨ ਸ਼ੁਭ ਵਿਚਾਰਾਂ ਨਾਲ ਭਰਿਆ ਹੋਣਾ ਚਾਹੀਦਾ ਹੈ। ਉਸਨੇ ਇਸਦੇ ਲਈ ਕਈ ਤਰੀਕੇ ਸੁਝਾਏ। ਉਨ੍ਹਾਂ ਕਿਹਾ ਕਿ ਜਦੋਂ ਮਨ ਜਾਗਦਾ ਹੈ ਤਾਂ ਉਹ ਓਨੀ ਹੀ ਤੇਜ਼ੀ ਨਾਲ ਕੰਮ ਕਰਦਾ ਹੈ। ਇਹ ਰਾਤ ਨੂੰ ਸੌਂਦੇ ਸਮੇਂ ਵੀ ਉਸੇ ਗਤੀ ਨਾਲ ਕੰਮ ਕਰਦਾ ਹੈ। ਸੌਣ ਤੋਂ ਪਹਿਲਾਂ ਮਨ ਵਿੱਚ ਜੋ ਵੀ ਵਿਚਾਰ ਆਉਂਦਾ ਹੈ, ਉਸਨੂੰ ਸੁਪਨਿਆਂ ਵਿੱਚ ਦੇਖਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ। ਆਚਾਰੀਆ ਅੰਕਿਤ ਪ੍ਰਭਾਕਰ ਨੇ ਕਿਹਾ ਕਿ ਤੁਹਾਨੂੰ ਚੰਗੀ ਤਰ੍ਹਾਂ ਦੇਖਣ ਤੋਂ ਬਾਅਦ ਸੌਣਾ ਚਾਹੀਦਾ ਹੈ। ਮਨ ਦੀ ਵਿਸ਼ੇਸ਼ਤਾ ਇਹ ਹੈ ਕਿ ਇਹ ਕਿਰਿਆਸ਼ੀਲ ਹੈ। ਇਹ ਸਾਰੀਆਂ ਇੰਦਰੀਆਂ ਨੂੰ ਸੰਭਾਲਦਾ ਹੈ। ਮਨ ਇੱਕ ਹੈ, ਯਾਨੀ ਕਿ ਇਕੱਲਾ ਹੈ। ਜੇ ਮਨ ਹੌਲੀ ਹੁੰਦਾ, ਤਾਂ ਮੈਂ ਕੰਮ ਨਾ ਕਰ ਸਕਦਾ। ਮਨ ਨੂੰ ਕਾਬੂ ਕਰਨ ਲਈ, ਅਭਿਆਸ ਅਤੇ ਨਿਰਲੇਪਤਾ ਜ਼ਰੂਰੀ ਹਨ। ਵੈਰਾਗ ਦਾ ਅਰਥ ਹੈ ਮਨ ਨੂੰ ਬੇਕਾਰ ਗੱਲਾਂ ਅਤੇ ਬੇਕਾਰ ਕੰਮਾਂ ਤੋਂ ਦੂਰ ਕਰਨਾ। ਇਸ ਨਾਲ ਮਨ ਆਪਣੇ ਆਪ ਕਾਬੂ ਵਿੱਚ ਆ ਜਾਵੇਗਾ। ਭਜਨ ਗਾਇਕ ਪੰਡਿਤ ਭੂਪੇਂਦਰ ਆਰੀਆ ਨੇ ਭਾਰਤ ਸਾਡਾ ਪਿਆਰਾ ਦੇਸ਼ ਹੈ, ਇਸਨੂੰ ਸਵਰਗੀ ਸ਼ਹਿਰ ਬਣਨ ਦਿਓ, ਇਸ ਮਨੁੱਖੀ ਸਰੀਰ ਨੂੰ ਪ੍ਰਾਪਤ ਕਰਨ ਤੋਂ ਬਾਅਦ ਆਪਣੀ ਜ਼ਿੰਦਗੀ ਬਰਬਾਦ ਨਾ ਕਰੋ ਆਦਿ ਆਪਣੇ ਸੁਰੀਲੇ ਭਜਨਾਂ ਨਾਲ ਮੌਜੂਦ ਲੋਕਾਂ ਨੂੰ ਮੰਤਰਮੁਗਧ ਕਰ ਦਿੱਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ।

# ਜੇਡੀਯੂ ਦੇ ਪੱਤਰ ਤੇ ਹੋਇਆ ਅਮਲ: ਪੁਲੀਸ ਅਫਸਰਾਂ ਦੀ ਜ਼ਿੰਮੇਵਾਰੀ ਤੈਅ ਕਰਨ ਮੌਕੇ ਮੁੱਖ ਮੰਤਰੀ ਵਿਧਾਇਕਾਂ ਨੂੰ ਕਰ ਗਏ ਨਜ਼ਰ ਅੰਦਾਜ਼: ਗਿੱਲ



ਚੰਡੀਗੜ੍ਹ (ਲੋਕ ਬਾਣੀ):ਜਨਤਾ ਦਲ ਯੂ ਦੇ ਸੂਬਾਈ ਜਨਰਲ ਸਕੱਤਰ ਸ੍ਰ ਸਤਨਾਮ ਸਿੰਘ ਗਿੱਲ ਨੇ ਮੁੱਖ ਮੰਤਰੀ ਦਾ ਧੰਨਵਾਦ ਕੀਤਾ ਹੈ ਕਿਉਂ ਕਿ ਉਨਾ ਨੇ ਪੁਲੀਸ ਅਫਸਰਾਂ ਦੀ ਜ਼ਿੰਮੇਵਾਰੀ ਤੈਅ ਕਰਨ ਦਾ ਦਲੇਰਆਨਾ ਫੈਸਲਸਾ ਲਿਆ ਹੈ। ਉਨ੍ਹਾ ਨੇ ਕਿਹਾ ਕਿ ਅਪਰਾਧ ਨਾਲ ਸਬੰਧਿਤ ਘਟਨਾਵਾਂ 'ਚ ਹੋ ਰਿਹਾ ਇਜ਼ਾਫਾ ਅਤੇ ਨਸ਼ੇ ਨੂੰ ਲੈਕੇ ਪੁਲੀਸ ਦੀ ਉੱਡ ਰਹੀ ਖਿੱਲੀ ਇੱਕ ਗੰਭੀਰ ਮਸਲਾ ਸੀ।ਪੁਲੀਸ ਦੀ ਜ਼ਿੰਮੇਵਾਰੀ ਤੈਅ ਕਰਨ ਲਈ ਬੀਤੇ ਦਿਨੀ ਜਨਤਾ ਦਲ ਯੂ ਦੇ ਪੰਝਾਬ ਯੂਨਿਟ ਵੱਲੋਂ ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਨੂੰ ਲਿਖੇ ਲੋਕ ਪੱਖੀ ਪੱਤਰ 'ਚ ਬੇਨਤੀ ਕੀਤੀ ਸੀ ਕਿ ਜਿਸ ਪੁਲੀਸ ਸਟੇਸ਼ਨ ਦੀ ਹਦੂਦ ਅੰਦਰ ਨਸ਼ੇ ਦੀ ਤਸ਼ਕਰੀ ਜਾਂ ਅਪਰਾਧਿਕ ਘਟਨਾ ਦੇ ਵਾਪਰਨ ਦਾ ਮਾਮਲਾ ਪ੍ਰਕਾਸ਼ 'ਚ ਆਉਂਦਾ ਹੈ ਤਾਂ ਉਸ ਐਸ.ਐ.ਓ ਅਤੇ ਡੀਐਸਪੀ ਦੀ ਇੰਕਰੀਮੈਂਟ ਅਤੇ ਵਿਭਾਗੀ ਤਰੱਕੀ ਡ੍ਰੋਪ ਕਰ ਦਿੱਤੀ ਜਾਵੇ ਇਸ ਦੇ ਨਾਲ ਹਲਕਾ ਵਿਧਾਇਕਾਂ ਦੀ ਵੀ ਸੂ ਮੋਟੋ ਲੈਕੇ ਜਵਾਬ ਤਲਬੀ ਯਕੀਨੀ ਬਣਾਇਆ ਜਾਵੇ।

ਉਨ੍ਹਾ ਨੇ ਕਿਹਾ ਕਿ ਹਲਕੇ ਵਿਧਾਇਕਾਂ ਨੂੰ ਮੁੱਖ ਮੰਤਰੀ ਬਚਾਉਂਣ ਦੇ ਪੱਖ 'ਚ ਭੁਗਤਦੇ ਨਜ਼ਰ ਆ ਰਹੇ ਹਨ।ਕਿਉਂ ਕਿ ਉਨਾ ਨੇ ਪੁਲੀਸ ਦੇ ਕੰਮ 'ਚ ਵਿਧਾਇਕਾਂ ਦੀ ਬੇਲੋੜੀ ਦਖਲ ਅੰਦਾਜੀ ਨੂੰ ਨਜ਼ਰ ਅੰਦਾਜ ਕਰਕੇ ਇਕੱਲਾ ਪੁਲੀਸ ਨੂੰ ਹੀ ਟਾਰਗਰ ਕੀਤਾ ਹੈ।

ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਜੇਡੀਯੂ ਦਾ ਸੂਬਾਈ 'ਵਫਦ' ਜਿਸ ਦੀ ਅਗਵਾਈ ਪੰਜਾਬ ਪ੍ਰਦੇਸ਼ ਜਨਤਾ ਦਲ ਯੂ ਦੇ ਪ੍ਰਧਾਨ ਸ੍ਰ ਮਾਲਵਿੰਦਰ ਸਿੰਘ ਬੈਨੀਪਾਲ ਕਰਨਗੇ ਉਹ 6ਬ ਮੈਂਬਰੀ ਵਫਦ ਨੂੰ ਨਾਲ ਲੈਕੇ ਪਹਿਲੇ ਪੜਾਅ 'ਚ ਪੰਜਾਬ ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਸ੍ਰ ਪ੍ਰਤਾਪ ਸਿੰਘ ਬਾਜਵਾ ਨੂੰ ਮੰਗ ਪੱਤਰ ਦੇਕੇ ਮੰਗ ਕਰਨਗੇ ਕਿ ਵਿਧਾਨ ਸਭਾ 'ਚ ਇਹ ਮੁੱਦਾ ਉਠਾਇਆ ਜਾਵੇ ਕਿ ਵਿਧਾਇਕਾਂ ਦੀ ਵੀ ਜ਼ਿੰਮੇਵਾਰੀ ਪੁਲੀਸ ਅਫਸਰਾਂ ਵਾਂਗ ਤੈਅ ਕੀਤੀ ਜਾਵੇ।

ਉਨ੍ਹਾ ਨੇ ਡੀਜੀਪੀ ਪੰਜਾਬ ਨੂੰ ਅਪੀਲ ਕੀਤੀ ਹੈ ਕਿ ਪੁਲੀਸ ਦੀ ਕਾਗੁਜ਼ਾਰੀ 'ਚ ਪਾਰਦਰਸ਼ਤਾ ਲਿਆਉਂਦੇ ਹੋਏ ਐਸਐਸਪੀਜ਼ ਨੂੰ ਨਿਰਦੇਸ਼ ਜਾਰੀ ਕੀਤੇ ਜਾਣ ਕਿ ਉਹ ਵੀਵੀਆਈ ਤੋਂ ਇਲਾਵਾ ਜਿੰਨ੍ਹਾ ਲੋਕਾਂ ਦੀ ਜਾਨ ਮਾਲ ਦੀ ਰਾਖੀ ਲਈ ਤਾਇਨਾਤ ਕੀਤੇ ਗਏ ਹਨ ਉਨਾ ਦੇ ਫੋਨ ਵੀ ਚੁੱਕਣ ।

# ਨੈਸ਼ਨਲ ਯੂਥ ਪ੍ਰੋਜੈਕਟ ਵੱਲੋਂ 6 ਰੋਜ਼ਾਂ ਰਾਸ਼ਟਰੀ ਸਦਭਾਵਨਾ ਅਤੇ ਭਾਈਚਾਰਾ ਦੇ ਵਿਸ਼ੇਸ਼ ਕੈਂਪ ਦਾ ਆਗਾਜ਼








ਖਡੂਰ ਸਾਹਿਬ,: (ਲੋਕ ਬਾਣੀ) ਦੂਜੇ ਸਿੱਖ ਗੁਰੂ ਸ਼੍ਰੀ ਗੁਰੂ ਅੰਗਦ ਦੇਵ ਜੀ ਨਾਲ ਸਬੰਧਤ ਖਡੂਰ ਸਾਹਿਬ ਦੀ ਪਵਿੱਤਰ ਨਗਰੀ ਵਿਖੇ ਦੇਸ਼ ਦੇ ਕੋਨੇ-ਕੋਨੇ ਤੋਂ ਆਏ ਨੌਜਵਾਨਾਂ ਨੇ ਨੈਸ਼ਨਲ ਯੂਥ ਪ੍ਰੋਜੈਕਟ ਟਰੱਸਟ ਨਵੀਂ ਦਿੱਲੀ ਅਤੇ ਸ਼੍ਰੀ ਗੁਰੂ ਅੰਗਦ ਦੇਵ ਕਾਲਜ ਖਡੂਰ ਸਾਹਿਬ ਦੇ ਸਹਿਯੋਗ ਨਾਲ ਲਗਾਏ 6 ਰੋਜ਼ਾਂ ਕੈਂਪ ਚ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਕੈਂਪ ਦਾ ਰਸਮੀ ਤੌਰ ਤੇ ਉਦਘਾਟਨ ਡਾ: ਇੰਦਰਜੀਤ ਕੌਰ ਸ੍ਰਪਰਸਤ ਪਿੰਗਲਵਾੜਾ ਅੰਮ੍ਰਿਤਸਰ ਨੇ ਅੱਜ ਖਡੂਰ ਸਾਹਿਬ ਵਿਖੇ ਭਾਰਤ ਦੇ ਵੱਖ ਵੱਖ ਰਾਜਾਂ ਤੋਂ ਆਏ ਨੌਜਵਾਨਾਂ ਦੀ ਹਾਜ਼ਰੀ ਦੌਰਾਨ ਕੀਤਾ। ਜਿੱਥੇ ਦੇਸ਼ ਦੇ ਵੱਖ-ਵੱਖ ਰਾਜਾਂ ਦੇ ਨੌਜਵਾਨ ਮੁੰਡੇ ਕੁੜੀਆਂ ਆਪੋ-ਆਪਣੇ ਰਾਜਾਂ ਦੇ ਪਹਿਰਾਵੇ, ਖਾਣ-ਪੀਣ, ਸੱਭਿਆਚਾਰ, ਨਾਚ, ਬੋਲੀ ਆਦਿ ਇੱਕ ਦੂਸਰੇ ਨਾਲ ਰੂਬਰੂ ਕਰਕੇ ਰਾਸ਼ਟਰੀ ਏਕਤਾ, ਰਾਸ਼ਟਰੀ ਸਦਭਾਵਨਾ ਅਤੇ ਭਾਈਚਾਰਾ ਦੀ ਅਹਿਮ ਭੂਮਿਕਾ ਅਦਾ ਕਰ ਰਹੇ ਹਨ । ਇਸ ਟਰੱਸਟ ਦੇ ਮੈਨੇਜਿੰਗ ਟਰੱਸਟੀ ਵਜੋਂ ਗੁਰਦੇਵ ਸਿੰਘ ਸਿੱਧੂ ਆਪਣੀ ਅਹਿਮ ਸੇਵਾ ਨਿਭਾ ਰਹੇ ਹਨ। ਇਸ ਟਰੱਸਟ ਦੇ ਸਲਾਹਕਾਰ ਸੁਰੇਸ਼ ਰਾਠੀ, ਰਾਮੇਸ਼ ਭਈਆ, ਸੁਧੀਰ ਭਾਈ ਗੋਇਲ, ਸ਼੍ਰੀਮਤੀ ਨੀਲਿਮਾ ਕਾਮਰਾਹ ਤੇ ਨਜ਼ਮਾ ਨਾਹੀਦ ਹਨ। ਇਸ ਤੋਂ ਇਲਾਵਾ ਆਰ.ਸੀ. ਗੁਪਤਾ ਖਜ਼ਾਨਚੀ, ਮਧੂ ਸੂਦਨ ਦਾਸ, ਜਗਦੀਸ਼ ਚੌਧਰੀ, ਅਜੈ ਪਾਂਡੇ ਅਤੇ ਸੰਜੇ ਰਾਏ ਟਰੱਸਟ ਮੈਂਬਰ ਦੀ ਅਹਿਮ ਭੂਮਿਕਾ ਅਦਾ ਕਰ ਰਹੇ ਹਨ। ਕੈਂਪ ਵਿੱਚ ਜਯ ਜਗਤ ਪੁਕਾਰੇ ਜਾ ਗੀਤ ਅਤੇ ਵੱਖ-ਵੱਖ ਰਾਜਾਂ ਦੇ ਅਲੱਗ-ਅਲੱਗ ਨਾਅਰਿਆਂ ਨੇ ਸਭ ਦਾ ਦਿਲ ਮੋਹ ਲਿਆ। ਇਸ ਕੈਂਪ ਵਿੱਚ ਕੈਂਪਰ ਸਭ ਇੱਕਠੇ ਰਲ ਮਿਲ ਜ਼ਿੰਦਗੀ ਦਾ ਇੱਕ ਵੱਖਰਾ ਲੁਤਫ ਆਨੰਦ ਮਾਨਣ ਤੋਂ ਇਲਾਵਾ ਉਹ ਵੇਖ ਰਹੇ ਕਿ ਬਾਬਾ ਸੇਵਾ ਸਿੰਘ ਜੀ ਵੱਲੋਂ ਕਿਸ ਤਰ੍ਹਾਂ ਆਲੇ-ਦੁਆਲੇ ਦੇ 80 ਪਿੰਡਾਂ ਵਿੱਚ ਵਾਤਾਵਰਨ ਦੀ ਸੰਭਾਲ ਕਰਕੇ ਰੁੱਖ ਲਗਾਉਣ ਦਾ ਸ਼ਾਨਦਾਰ ਕੰਮ ਕੀਤਾ ਗਿਆ ਹੈ। ਇਹ ਕੈਂਪ ਨੌਜਵਾਨਾਂ ਅਤੇ ਲੋਕਾਂ ਵਿੱਚ ਦੇਸ਼ ਪ੍ਰੇਮ, ਰਾਸ਼ਟਰੀ ਏਕਤਾ, ਮਿਲਵਰਤਨ, ਆਪਸੀ ਸਾਂਝ, ਵਾਤਾਵਰਨ ਸੰਭਾਲ, ਸਵੱਛਤਾ, ਅਨੁਸ਼ਾਸ਼ਨ ਦੇ ਅਹਿਮ ਸੰਕਲਪ ਤੇ ਪਹਿਰਾ ਦੇ ਰਿਹਾ ਹੈ। ਇਸ ਕੈਂਪ ਚ ਅਮਰੀਕ ਸਿੰਘ ਕਲੇਰ ਆਪਣੀਆਂ ਅਹਿਮ ਸੇਵਾਵਾਂ ਨੌਜਵਾਨਾਂ ਦੇ ਸਪੁਰਦ ਕਰ ਰਹੇ ਹਨ। ਕਾਲਜ ਦੇ ਪ੍ਰਿੰਸੀਪਲ ਡਾ: ਬਲਵੰਤ ਸਿੰਘ ਸੰਧੂ ਅਤੇ ਪ੍ਰੋ: ਸਰਤਾਜ ਸਿੰਘ ਛੀਨਾ ਵੀ ਵਿਸ਼ੇਸ਼ ਸਹਿਯੋਗ ਪ੍ਰਦਾਨ ਕਰ ਰਹੇ ਹਨ। ਇਸ ਕੈਂਪ ਚ 22 ਰਾਜਾਂ ਦੇ ਲੱਗਭੱਗ 300 ਸਾਥੀ ਭਾਗ ਲੈ ਰਹੇ ਹਨ। ਕੈਂਪ ਦੌਰਾਨ ਪ੍ਰੈਸ ਨੋਟ ਜਾਰੀ ਕਰਦਿਆਂ ਰਾਜੇਸ਼ ਬੁਢਲਾਡਾ ਨੇ ਦੱਸਿਆ ਕਿ ਭਾਰਤ ਦੇ ਵੱਖ-ਵੱਖ ਰਾਜਾਂ ਤੋਂ ਆਏ ਸਾਥੀਆਂ ਵਿੱਚ ਇੱਕ ਵੱਖਰਾ ਹੀ ਜੋਸ਼ ਵੇਖਣ ਨੂੰ ਮਿਲ ਰਿਹਾ ਹੈ। ਇਸ ਕੈਂਪ ਵਿੱਚ ਮੇਜ਼ਮਾਨ ਰਾਜ ਪੰਜਾਬ ਤੋਂ ਇਲਾਵਾ ਛੱਤੀਸਗੜ੍ਹ, ਦਿੱਲੀ, ਬਿਹਾਰ, ਕਰਨਾਟਕਾ, ਗੁਜਰਾਤ, ਹਰਿਆਣਾ, ਪਾਂਡੇਚਿਰੀ, ਹਿਮਾਚਲ ਪ੍ਰਦੇਸ਼, ਜੰਮੂ ਕਸ਼ਮੀਰ, ਮੱਧ ਪ੍ਰਦੇਸ਼, ਮਹਾਂਰਾਸ਼ਟਰ, ਉੱਤਰ ਪ੍ਰਦੇਸ਼, ਪੱਛਮੀ ਬੰਗਾਲ, ਝਾਰਖੰਡ ਆਦਿ ਰਾਜਾਂ ਦੇ ਸਾਥੀ ਹਾਜ਼ਰ ਹਨ।

# ਸ੍ਰੀ ਗੁਰੂ ਰਵਿਦਾਸ ਪ੍ਰਕਾਸ਼ ਉਤਸਵ ਕਮੇਟੀ ਦੀਨਾਨਗਰ ਵੱਲੋਂ ਦੀਨਾਨਗਰ ਵਿਖੇ ਨਗਰ ਕੀਰਤਨ ਸਜਾਇਆ ਗਿਆ-



ਦੀਨਾਨਗਰ, (ਡਾ ਰਮੇਸ਼ ਸਰੰਗਲ ) ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 648 ਵੇ ਪ੍ਰਕਾਸ਼ ਉਤਸਵ ਮਨਾਉਣ ਸੰਬਧੀ 5 ਫਰਵਰੀ ਨੂੰ ਸ੍ਰੀ ਗੁਰੂ ਰਵਿਦਾਸ ਪ੍ਰਕਾਸ਼ ਉਤਸਵ ਕਮੇਟੀ ਵਲੋਂ ਦੀਨਾਨਗਰ ਵਿੱਚ ਮੁੱਖ ਮਹਿਮਾਨ ਸੰਤ ਸਵਾਮੀ ਗੁਰਦੀਪ ਗਿਰੀ ਮਹਾਰਾਜ ਜੀ ਦੀ ਰਹਿਨੁਮਾਈ ਹੇਠ ਇੱਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ਜੋ ਕੀ ਬਿਜਲੀ ਘਰ ਦੀਨਾਨਗਰ ਤੋਂ ਸੁਰੂ ਹੋ ਕੇ ਅਵਾਂਖਾ ਦਾਣਾ ਮੰਡੀ ਵਿੱਚ ਪਹੁੰਚਿਆ ਇਸ ਮੌਕੇ ਮੁੱਖ ਮਹਿਮਾਨ ਸੰਤ ਸਵਾਮੀ ਗੁਰਦੀਪ ਗਿਰੀ ਜੀ ਨੇ ਨਗਰ ਕੀਰਤਨ ਨੂੰ ਹਰੀ ਝੰਡੀ ਦਿੱਖਾ ਕੇ ਨਗਰ ਕੀਰਤਨ ਨੂੰ ਚਾਲੇ ਪਾਇਆ ਅਤੇ ਅਵਾਂਖਾ ਦਾਣਾ ਮੰਡੀ ਵਿੱਖੇ ਆਪਣੇ ਪ੍ਰਵਚਨਾਂ ਨਾਲ ਸੰਗਤ ਨੂੰ ਨਿਹਾਲ ਕੀਤਾ ਉਪਰੰਤ ਗੁਰੂ ਜੀ ਦਾ ਅਤੁੱਟ ਲੰਗਰ ਵਰਤਾਇਆ ਗਿਆ ਜੀ। ਇਸ ਵਿਸ਼ਾਲ ਅਤੇ ਮਹਾਨ ਸ਼ੋਭਾ ਯਾਤਰਾ ਦਾ ਲੋਕਾਂ ਨੇ ਜਗ੍ਹਾ ਜਗ੍ਹਾ ਸਵਾਗਤ ਕੀਤਾ ਇਸ ਸ਼ੋਭਾ ਯਾਤਰਾ ਵਿੱਚ ਸਾਬਕਾ ਕੈਬਿਨੇਟ ਮੰਤਰੀ ਅਤੇ ਮੌਜੂਦਾ ਐਮ ਐੱਲ ਏ ਸ਼੍ਰੀਮਤੀ ਅਰੁਣਾ ਚੌਧਰੀ ਜੀ, ਸੀਨੀਅਰ ਨੇਤਾ ਅਸ਼ੋਕ ਚੌਧਰੀ, ਭਾਜਪਾ ਦੀ ਸੀਨੀਅਰ ਨੇਤਾ ਰੇਣੂ ਕਸ਼ਯਪ, ਵਿਕਾਸ ਕਸ਼ਯਪ, ਆਪ ਆਗੂ ਸ਼ਮਸ਼ੇਰ ਸਿੰਘ , ਆਮ ਆਦਮੀ ਪਾਰਟੀ ਤੋਂ ਅੰਗਰੇਜ ਸਿੰਘ ਅਤੇ

ਸਮੂਹ ਸ਼ਹਿਰ ਵਾਸੀਆਂ, ਸਮਾਜਿਕ ਤੇ ਧਾਰਮਿਕ ਸੰਸਥਾਵਾਂ/ਕਮੇਟੀਆਂ ਨਗਰ ਕੀਰਤਨ ਵਿੱਚ ਸ਼ਾਮਿਲ ਹੋਏ ਜੀ । ਨਗਰ ਕੀਰਤਨ ਵਿੱਚ ਸ਼ਾਮਿਲ ਹੋ ਕੇ ਸਹਿਯੋਗ ਕਰਨ ਲਈ ਐਡਵੋਕੇਟ ਸੁਖਰਾਜ ਥਾਪਰ, ਰਿਖੀ ਕੁਮਾਰ ਰਵਿਦਾਸੀਆ, ਹੈਪੀ ਰਵਿਦਾਸੀਆ, ਸ੍ਰੀ ਬਿਸ਼ਨ ਦਾਸ ਜੀ, ਮਾਸਟਰ ਪਲਵਿੰਦਰ ਜੀ,, ਅੰਕੁ ਰਵਿਦਾਸੀਆ, ਸੁਸ਼ੀਲ ਕੁਮਾਰ, ਰਾਕੇਸ਼ ਕੁਮਾਰ,ਪਰਬੋਧ ਚੰਦ ਸਾਰੇ ਹੀ ਸਾਥੀਆਂ ਵਲੋਂ ਸਮੂਹ ਸਾਧ ਸੰਗਤ ਦਾ ਬਹੁਤ ਬਹੁਤ ਧੰਨਵਾਦ ਕੀਤਾ ਗਿਆ ਜੀ ।

# 7-8 ਫਰਵਰੀ ਨੂੰ ਸਦਰ ਮੁਕਾਮਾਂ ਤੇ ਹੋਣਗੀਆਂ ਜ਼ਿਲ੍ਹਾ ਪੱਧਰੀ ਦਿਨ-ਰਾਤ ਦੀਆਂ ਰੈਲੀਆਂ

ਫ਼ਗਵਾੜਾ-ਜਲੰਧਰ (ਸੁਸ਼ੀਲ ਸ਼ਰਮਾ) ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ.ਸ.ਸ.ਫ.) ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ,ਜਨਰਲ ਸਕੱਤਰ ਤੀਰਥ ਸਿੰਘ ਬਾਸੀ ਅਤੇ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਨੇ ਇੱਕ ਸਾਂਝੇ ਪ੍ਰੈਸ ਬਿਆਨ ਵਿੱਚ ਕਿਹਾ ਹੈ ਕਿ ਕੇਂਦਰ ਅਤੇ ਸੂਬਾ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਦੇ ਵਿਰੋਧ ਵਿੱਚ ਮੁਲਾਜ਼ਮਾਂ ਦੀ ਕੌਮੀ ਜੱਥੇਬੰਦੀ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਵਲੋਂ ਪੜਾਅ-ਵਾਰ ਸੰਘਰਸ਼ ਉਲੀਕਆ ਗਿਆ ਹੈ।ਪਹਿਲੇ ਪੜਾਅ ਵਜੋਂ ਮਿਤੀ 7-8 ਫਰਵਰੀ ਨੂੰ ਦਿਨ-ਰਾਤ ਦੇ ਜ਼ਿਲ੍ਹਾ ਪੱਧਰੀ ਰੈਲੀਆਂ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ।ਇਹ ਰੈਲੀਆਂ ਪੀ.ਐਫ.ਆਰ.ਡੀ.ਏ.ਨੂੰ ਰੱਦ ਕਰਕੇ ਪੁਰਾਣੀ ਪੈਨਸ਼ਨ ਬਹਾਲ ਕਰਨ,ਸਾਰੇ ਠੇਕਾ ਮੁਲਾਜ਼ਮਾਂ ਨੂੰ ਰੈਗੂਲਰ ਕਰਨ, ਜਨਤਕ ਅਦਾਰਿਆਂ ਦਾ ਨਿੱਜੀਕਰ/ਨਿਗਮੀਕਰਣ ਅਤੇ ਸਰਕਾਰੀ ਵਿਭਾਗਾਂ ਦੀ ਆਕਾਰ ਘਟਾਈ ਬੰਦ ਕਰਨ, ਅੱਠਵੇਂ ਤਨਖਾਹ ਕਮਿਸ਼ਨ ਦਾ ਗਠਨ ਕਰਨ,ਰਹਿੰਦੀਆਂ ਮੰਹਿਗਾਈ ਭੱਤੇ ਦੀਆਂ ਕਿਸ਼ਤਾਂ ਅਤੇ ਜ਼ਬਤ ਕੀਤੇ ਬਕਾਇਆਂ ਨੂੰ ਬਹਾਲ ਕਰਾਉਣ, ਕੌਮੀਂ ਸਿੱਖਿਆ ਨੀਤੀ ਨੂੰ ਵਾਪਿਸ ਕਰਵਾਉਣ,



ਸੰਵਿਧਾਨ ਦੀਆਂ ਧਾਰਾ 310 ਅਤੇ 311 (2) ਨੂੰ ਰੱਦ ਕਰਵਾਉਣ, ਧਰਮ ਨਿਰਪੱਖਤਾ ਦੀ ਰਾਖੀ ਕਰਨ ਆਦਿ ਮੰਗਾਂ ਸਬੰਧੀ ਕੀਤੀਆਂ ਜਾ ਰਹੀਆਂ ਹਨ। ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਜੱਥੇਬੰਦੀ ਦੇ ਸੂਬਾ ਪ੍ਰੈਸ ਸਕੱਤਰ ਇੰਦਰਜੀਤ ਵਿਰਦੀ ਨੇ ਕਿਹਾ ਕਿ ਪ.ਸ.ਸ.ਫ. ਵਲੋਂ ਵੀ ਫੈਸਲਾ ਕੀਤਾ ਗਿਆ ਹੈ ਕਿ ਉਪਰੋਕਤ ਮੰਗਾਂ ਸਬੰਧੀ ਉਲੀਕੇ ਗਏ ਸੰਘਰਸ਼ ਨੂੰ ਸਫਲ ਬਣਾਇਆ ਜਾਵੇਗਾ ਅਤੇ ਜ਼ਿਲ੍ਹਾ ਪੱਧਰ ਤੇ 7—8 ਫਰਵਰੀ ਨੂੰ ਦਿਨ-ਰਾਤ ਦੇ ਧਰਨੇ ਮਾਰੇ ਜਾਣਗੇ।ਉਹਨਾਂ ਕਿਹਾ ਕਿ ਇਸ ਸੰਘਰਸ਼ ਨੂੰ ਨੇਪਰੇ ਚਾੜਨ ਲਈ ਸੂਬਾ ਅਤੇ ਜ਼ਿਲ੍ਹਾ ਆਗੂਆਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਆਗੂਆਂ ਵਲੋਂ ਸਮੂਹ ਮੁਲਾਜ਼ਮ ਵਰਗ ਨੂੰ ਅਗਲੇ ਸੰਘਰਸ਼ਾਂ ਲਈ ਤਿਆਰ ਰਹਿੰਦਿਆਂ ਇਹਨਾਂ ਰਲੀਆਂ ਨੂੰ ਸਫਲ ਬਣਾਉਣ ਦੀ ਅਪੀਲ ਕੀਤੀ ਹੈ।

# ਜੋਗਿੰਦਰ ਸਿੰਘ ਮਾਨ ਨੇ ਪਿੰਡ ਢੱਕ ਪੰਡੋਰੀ ਦੀ ਸਮੁੱਚੀ ਪੰਚਾਇਤ ਨੂੰ 'ਆਪ' ਪਾਰਟੀ 'ਚ ਕਰਵਾਇਆ ਸ਼ਾਮਲ

ਫਗਵਾੜਾ ( ਸੁਸ਼ੀਲ ਸ਼ਰਮਾ ) ਵਿਧਾਨਸਭਾ ਹਲਕਾ ਫਗਵਾੜਾ ਦੇ ਪਿੰਡ ਢੱਕ ਪੰਡੋਰੀ ਦੀ ਸਮੁੱਚੀ ਪੰਚਾਇਤ ਨੇ ਅੱਜ ਸਰਪੰਚ ਵਿਜੇ ਕੁਮਾਰ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਣ ਦਾ ਐਲਾਨ ਕੀਤਾ ਹੈ। ਪੰਚਾਇਤ ਦਾ ਸਵਾਗਤ ਕਰਨ ਲਈ ਆਪ ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਵਿਸ਼ੇਸ਼ ਤੌਰ ਤੇ ਪਿੰਡ ਢੱਕ ਪੰਡੋਰੀ ਪੁੱਜੇ। ਸਰਪੰਚ ਵਿਜੇ ਕੁਮਾਰ ਅਤੇ ਪੰਚਾਇਤ ਮੈਂਬਰਾਂ ਮਹਿੰਦਰ ਕੌਰ, ਨਿਰਮਲ ਕੌਰ, ਕਮਲੇਸ਼ ਰਾਣੀ, ਸੁਰਿੰਦਰ ਕੌਰ, ਸਤਪਾਲ ਸੱਤੀ, ਬਿੰਦਰ ਪਾਲ ਤੇਜੀ, ਬਲਵਿੰਦਰ ਪਾਲ, ਮੋਹਨ ਲਾਲ ਟੇਲਰ ਮਾਸਟਰ ਅਤੇ ਪ੍ਰੇਮ ਕੁਮਾਰ ਦਾ ਸਵਾਗਤ ਕਰਦਿਆਂ ਜੋਗਿੰਦਰ ਸਿੰਘ ਮਾਨ ਨੇ ਭਰੋਸਾ ਦਿੱਤਾ ਕਿ ਜਿੱਥੇ ਉਹਨਾਂ ਨੂੰ ਪਾਰਟੀ ਵਿਚ ਪੂਰਾ ਮਾਣ ਸਤਿਕਾਰ ਮਿਲੇਗਾ, ਉੱਥੇ ਹੀ ਪਿੰਡ ਦੇ ਸਰਬ ਪੱਖੀ ਵਿਕਾਸ ਵਿਚ ਵੀ ਕੋਈ ਕਸਰ ਨਹੀਂ ਛੱਡੀ ਜਾਵੇਗੀ। ਉਹਨਾਂ ਤਿੰਨ ਲੱਖ ਰੁਪਏ ਦੀ ਲਾਗਤ ਨਾਲ ਪਿੰਡ ਦੀਆਂ ਗਲੀਆਂ ਪੱਕੀਆਂ ਕਰਨ ਦੇ ਕੰਮ ਦੀ ਸ਼ੁਰੂਆਤ ਵੀ ਕਰਵਾਈ। ਨਾਲ ਹੀ ਕਿਹਾ ਕਿ ਅਧੂਰੇ ਵਿਕਾਸ ਕਾਰਜਾਂ ਦੀ ਪ੍ਰਪੋਜਲ ਪੰਚਾਇਤ ਵਲੋਂ ਦਿੱਤੀ ਜਾਵੇ ਤਾਂ ਜੋ ਲੋੜੀਂਦੀ ਗਰਾਂਟ ਦਾ ਜਲਦੀ ਪ੍ਰਬੰਧ ਹੋ ਸਕੇ। ਇਸ ਮੌਕੇ ਮੌਜੂਦ ਰਹੇ ਸੀਨੀਅਰ ਆਪ ਆਗੂ ਕਸ਼ਮੀਰ ਸਿੰਘ ਖਲਵਾੜਾ ਨੇ ਕਿਹਾ ਕਿ ਆਪ ਪਾਰਟੀ ਪੰਜਾਬੀਆਂ ਦੀ ਪਹਿਲੀ ਪਸੰਦ ਬਣ ਚੁੱਕੀ ਹੈ। ਜਲਦੀ ਹੀ ਹੋਰ ਅਨੇਕਾਂ ਪੰਚਾਇਤਾਂ ਵੀ ਆਪ ਪਾਰਟੀ ਵਿਚ ਸ਼ਾਮਲ ਹੋਣਗੀਆਂ। ਸਰਪੰਚ ਵਿਜੇ ਕੁਮਾਰ ਨੇ ਕਿਹਾ ਕਿ ਜੋਗਿੰਦਰ ਸਿੰਘ ਮਾਨ ਦੇ ਉਪਰਾਲੇ ਸਦਕਾ ਸੂਬੇ ਦੀ ਭਗਵੰਤ ਮਾਨ ਸਰਕਾਰ ਵਲੋਂ ਪਿੰਡ ਦਾ ਸਰਬਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ। ਇਸ



ਲਈ ਅੱਜ ਸਮੁੱਚੀ ਪੰਚਾਇਤ ਨੇ ਆਪਸੀ ਸਹਿਮਤੀ ਨਾਲ ਆਪ ਪਾਰਟੀ ਵਿਚ ਸ਼ਾਮਲ ਹੋਣ ਦਾ ਫੈਸਲਾ ਲਿਆ ਹੈ। ਇਸ ਮੌਕੇ ਜੋਗਿੰਦਰ ਪਾਲ, ਅਜੀਤ ਰਾਮ, ਮਹਿੰਦਰ ਪਾਲ, ਜਗਦੀਸ਼ ਕੁਮਾਰ, ਧਨਪਤ ਰਾਏ, ਦਲਵੀਰ ਗੱਗੀ, ਸਤਪਾਲ, ਰਵੀ ਕੁਮਾਰ, ਸੁਰਜੀਤ ਕੌਰ, ਗੀਤਾ ਰਾਣੀ, ਨਿਰੰਜਨ ਕੌਰ, ਕਾਂਤਾ ਰਾਣੀ, ਕਾਰਤਿਕ ਬੋਧ ਆਦਿ ਹਾਜਰ ਸਨ।

# ਅਮਰੀਕਾ ਤੋਂ ਡਿਪੋਰਟ ਕੀਤੇ ਗਏ ਪੰਜਾਬੀਆਂ ਦੇ ਰੁਜ਼ਗਾਰ ਅਤੇ ਵਸੇਬੇ ਦਾ ਪ੍ਰਬੰਧ ਕਰੇ ਪੰਜਾਬ ਸਰਕਾਰ-ਹਰਜੀਤ ਗਰੇਵਾਲ

ਫ਼ਗਵਾੜਾ (ਸੁਸ਼ੀਲ ਸ਼ਰਮਾ) ਭਾਜਪਾ ਦੇ ਕੌਮੀ ਕਾਰਜਕਾਰਨੀ ਮੈਂਬਰ ਅਤੇ ਸੀਨੀਅਰ ਆਗੂ ਹਰਜੀਤ ਸਿੰਘ ਗਰੇਵਾਲ ਨੇ ਅਮਰੀਕਾ ਵੱਲੋਂ ਗੈਰ-ਕਾਨੂੰਨੀ ਭਾਰਤੀਆਂ ਨੂੰ ਫੜੇ ਜਾਣ ਅਤੇ ਦੇਸ਼ ਨਿਕਾਲਾ ਦਿੱਤੇ ਜਾਣ ਦੇ ਮੁੱਦੇ ਤੇ ਗੱਲ ਕਰਦੇ ਹੋਏ ਕਿਹਾ ਕਿ ਅਮਰੀਕਾ ਵੱਲੋਂ ਭਾਰਤ ਭੇਜੇ ਗਏ ਸਾਰੇ ਲੋਕ ਪਹਿਲਾਂ ਭਾਰਤੀ ਹਨ ਅਤੇ ਫਿਰ ਪੰਜਾਬੀ,ਗੁਜਰਾਤੀ ਜਾਂ ਕਿਸੇ ਹੋਰ ਰਾਜ ਨਾਲ ਸਬੰਧਤ ਹਨ। ਇਹ ਲੋਕ ਆਪਣੇ ਪਰਿਵਾਰਾਂ ਲਈ ਬਿਹਤਰ ਜ਼ਿੰਦਗੀ ਅਤੇ ਚੰਗੀ ਆਮਦਨ ਦੇ ਏਜੰਟਾਂ ਵਲੋਂ ਦਿੱਤੇ ਲਾਲਚ ਵਿੱਚ ਆ ਕੇ,ਕਰਜ਼ਾ ਲੈ ਕੇ ਜਾਂ ਹੋਰ ਤਰੀਕਿਆਂ ਨਾਲ ਪੈਸੇ ਖਰਚ ਕਰਕੇ ਅਮਰੀਕਾ ਪਹੁੰਚੇ ਅਤੇ ਉੱਥੇ ਫੜੇ ਗਏ। ਜਿਸ ਕਾਰਨ ਉਸਦੇ ਅਤੇ ਉਸਦੇ ਪਰਿਵਾਰ ਦੇ ਸਾਰੇ ਸੁਪਨੇ ਚਕਨਾਚੂਰ ਹੋ ਗਏ। ਉਥੋਂ ਦੇ ਸਥਾਨਕ ਕਾਨੂੰਨਾਂ ਅਨੁਸਾਰ ਆਪਣੀ ਸਜ਼ਾ ਪੂਰੀ ਕਰਨ ਤੋਂ ਬਾਅਦ, ਉਨ੍ਹਾਂ ਨੂੰ ਹੁਣ ਅਮਰੀਕੀ ਸਰਕਾਰ ਨੇ ਵਾਪਸ ਭਾਰਤ ਭੇਜ ਦਿੱਤਾ ਹੈ। ਅੰਮ੍ਰਿਤਸਰ ਹਵਾਈ ਅੱਡੇ ਤੇ ਪਹੁੰਚਣ ਵਾਲੇ ਇਨ੍ਹਾਂ ਸਾਰੇ ਭਾਰਤੀਆਂ ਵਿੱਚੋਂ ਸਿਰਫ਼ 30 ਪੰਜਾਬ ਤੋਂ, 33 ਗੁਜਰਾਤ ਤੋਂ, 33 ਹਰਿਆਣਾ ਤੋਂ, 2 ਚੰਡੀਗੜ੍ਹ ਤੋਂ ਅਤੇ 3 ਮਹਾਰਾਸ਼ਟਰ ਤੋਂ ਹਨ।



ਜਾਣਕਾਰੀ ਅਨੁਸਾਰ, ਭਾਰਤ ਭੇਜੇ ਜਾ ਰਹੇ ਲੋਕਾਂ ਵਿੱਚ 18 ਸਾਲ ਤੋਂ ਘੱਟ ਉਮਰ ਦੇ 12 ਬੱਚੇ ਅਤੇ ਲਗਭਗ 24 ਔਰਤਾਂ ਸ਼ਾਮਲ ਹਨ।
ਹਰਜੀਤ ਗਰੇਵਾਲ ਨੇ ਕਿਹਾ ਕਿ ਭਾਰਤ ਵਾਪਸ ਆਏ ਇਨ੍ਹਾਂ ਲੋਕਾਂ ਦੇ ਮੁੜ ਵਸੇਬੇ ਦੀ ਜ਼ਿੰਮੇਵਾਰੀ ਹੁਣ ਉਨ੍ਹਾਂ ਸੂਬਿਆਂ ਦੀਆਂ ਸਰਕਾਰਾਂ ਦੀ ਹੈ ਜਿੱਥੇ ਇਹ ਲੋਕ ਰਹਿੰਦੇ ਸਨ। ਗਰੇਵਾਲ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਮੰਗ ਕੀਤੀ ਕਿ ਉਹ ਦਿੱਲੀ ਨਾਲ ਆਪਣਾ ਲਗਾਅ ਛੱਡ ਕੇ ਪੰਜਾਬ ਵਾਪਸ ਆਉਣ ਅਤੇ ਪੰਜਾਬ ਦੀ ਦੇਖਭਾਲ ਕਰਨ ਅਤੇ ਇਨ੍ਹਾਂ ਲੋਕਾਂ ਦੇ ਮੁੜ ਵਸੇਬੇ ਅਤੇ ਰੁਜ਼ਗਾਰ ਦਾ ਪ੍ਰਬੰਧ ਕਰਨ।
ਗਰੇਵਾਲ ਨੇ ਕਿਹਾ ਕਿ ਅਮਰੀਕਾ ਵੱਲੋਂ ਜਿੰਨੇ ਵੀ ਲੋਕਾਂ ਨੂੰ ਭਾਰਤ ਵਾਪਸ ਭੇਜਿਆ ਜਾ ਰਿਹਾ ਹੈ, ਉਹ ਸਾਰੇ ਏਜੰਟਾਂ ਰਾਹੀਂ ਡੌਂਕੀ ਲਾ ਕੇ ਉੱਥੇ ਪਹੁੰਚੇ ਹਨ। ਇਸ ਤਰ੍ਹਾਂ ਏਜੰਟ ਪ੍ਰਤੀ ਵਿਅਕਤੀ 35 ਤੋਂ 40 ਲੱਖ ਰੁਪਏ ਵਸੂਲਦੇ ਹਨ। ਇਹ ਸਾਰੇ ਲੋਕ ਮੈਕਸੀਕੋ, ਪਨਾਮਾ ਆਦਿ ਦੇ ਜੰਗਲਾਂ ਰਾਹੀਂ ਗੈਰ-ਕਾਨੂੰਨੀ ਢੰਗ ਨਾਲ ਅਮਰੀਕਾ ਵਿੱਚ ਦਾਖਲ ਹੁੰਦੇ ਹਨ, ਜਿਨ੍ਹਾਂ ਨੂੰ ਉੱਥੋਂ ਦੇ ਸੁਰੱਖਿਆ ਬਲਾਂ ਵਲੋਂ ਫੜ ਲਿਆ ਜਾਂਦਾ ਹੈ। ਗਰੇਵਾਲ ਨੇ ਮੰਗ ਕੀਤੀ ਕਿ ਭਾਰਤ ਵਾਪਸ ਆਏ ਇਨ੍ਹਾਂ ਲੋਕਾਂ ਤੋਂ ਜਾਣਕਾਰੀ ਇਕੱਠੀ ਕਰਕੇ, ਪੰਜਾਬ ਸਰਕਾਰ ਨੂੰ ਉਨ੍ਹਾਂ ਏਜੰਟਾਂ ਅਤੇ ਉਨ੍ਹਾਂ ਲੋਕਾਂ ਵਿਰੁੱਧ ਕੇਸ ਦਰਜ ਕਰਕੇ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ ਜਿਨ੍ਹਾਂ ਨੇ ਇਨ੍ਹਾਂ ਲੋਕਾਂ ਨੂੰ ਆਪਣਾ ਸ਼ਿਕਾਰ ਬਣਾਇਆ ਹੈ।

# ਐਸਸੀਡੀ ਸਰਕਾਰੀ ਕਾਲਜ ਦੇ ਹਿੰਦੀ ਵਿਭਾਗ ਦੁਆਰਾ ਦੋ ਰੋਜ਼ਾ-ਸੈਮੀਨਾਰ



ਲੁਧਿਆਣਾ( ਸੁਖਚੈਨ ਮਹਿਰਾ)ਐਸ.ਸੀ.ਡੀ. ਸਰਕਾਰੀ ਕਾਲਜ, ਲੁਧਿਆਣਾ ਵਿਖੇ ਅੱਜ ਦੋ ਰੋਜ਼ਾ ਸੈਮੀਨਾਰ ਨੂੰ ਪੋਸਟ ਗ੍ਰੈਜੂਏਟ ਹਿੰਦੀ ਅਤੇ ਰਿਸਰਚ ਸੈਂਟਰ ਦੁਆਰਾ ਆਯੋਜਿਤ ਕੀਤਾ ਗਿਆ ਸੀ। ਇਸ ਸੈਮੀਨਾਰ ਦੇ ਪਹਿਲੇ ਦਿਨ, ਲਗਭਗ 125 ਵਿਦਿਆਰਥੀ ਸ਼ਾਮਿਲ ਸਨ। ਪਹਿਲੇ ਦਿਨ ਦੇ ਇਸ ਸੈਮੀਨਾਰ ਦਾ ਵਿਸ਼ਾ ਸ਼ਖਸੀਅਤ ਦੀ ਇਮਾਰਤ ਅਤੇ ਰੁਜ਼ਗਾਰ ਦੇ ਮਾਮਲੇ ਵਿਚ ਭਾਸ਼ਾ ਦੀ ਭੂਮਿਕਾ ਸੀ। ਇਸ ਮੌਕੇ ਵਿਭਾਗ ਦੇ ਮੁਖੀ ਨੇ ਪ੍ਰੋ ਨਿਸ਼ੀ ਅਰੋੜਾ ਨੇ ਮੁੱਖ ਵਕਤਾ ਪ੍ਰੋਫੈਸਰ (ਡਾ.) ਮੁਕੇਸ਼ ਕੁਮਾਰ ਜੀ ਦਾ ਸਵਾਗਤ ਕੀਤਾ। ਡਾ ਮੁਕੇਸ਼ ਅਰੋੜਾ ਨੇ ਭਾਸ਼ਾ ਦੇ ਵੱਖ ਵੱਖ ਪਹਿਲੂਆਂ ਨੂੰ ਦਸਦਿਆਂ ਵਿਦਿਆਰਥੀਆਂ ਨੂੰ ਦੱਸਿਆ ਕਿ ਭਾਸ਼ਾ ਕਿਵੇਂ ਚੰਗੀ ਸ਼ਖਸੀਅਤ ਪੈਦਾ ਕਰਨ ਵਿੱਚ ਸਹਾਈ ਹੁੰਦੀ ਹੈ। ਉਨ੍ਹਾਂ ਵਿਸਥਾਰ ਨਾਲ ਦੱਸਿਆ ਕਿ ਕਿਵੇਂ ਭਾਸ਼ਾ ਰੁਜ਼ਗਾਰ ਦੇ ਖੇਤਰ ਵਿੱਚ ਇਸਦੀ ਮਹੱਤਵਪੂਰਣ ਭੂਮਿਕਾ ਅਦਾ ਕਰਦੀ ਹੈ। ਅੱਜ ਹਿੰਦੀ ਵਿੱਚ ਰੁਜ਼ਗਾਰ ਦੇ ਬਹੁਤ ਸਾਰੇ ਅਵਸਰ ਹਨ। ਉਹਨਾਂ ਨੇ ਆਪਣੇ ਜਿੰਦਗੀ ਤੋਂ ਬਹੁਤ ਸਾਰੇ ਤਜ਼ਰਬੇ ਸਾਂਝੇ ਕਰਦਿਆਂ ਭਾਸ਼ਾ ਦੀ ਭੂਮਿਕਾ ਬਾਰੇ ਦੱਸਿਆ। ਉਹਨਾਂ ਨੇ ਵਿਦਿਆਰਥੀਆਂ ਦੁਆਰਾ ਬਹੁਤ ਅਸਾਨ ਅਤੇ ਸਰਲ ਤਰੀਕੇ ਨਾਲ ਪੁੱਛੇ ਗਏ ਪ੍ਰਸ਼ਨਾਂ ਦੇ ਉੱਤਰ ਵੀ ਦਿੱਤੇ। ਅੰਤ ਵਿੱਚ ਸਾਰੇ ਵਿਦਿਆਥੀਆਂ ਨੂੰ ਰਿਫਰੈਸ਼ਮੈਂਟ ਦਿੱਤਾ ਗਿਆ।

# ਮਾਈ ਭਾਗੋ ਵਿੱਚ ਮੇਘਾ ਪਲੇਸਮੈਂਟ ਡਰਾਈਵ ਕਰਵਾਈ ਗਈ




ਅੰਮ੍ਰਿਤਸਰ, (ਲੋਕ ਬਾਣੀ) - ਮਾਈ ਭਾਗੋ ਸਰਕਾਰੀ ਪੋਲੀਟੈਕਨਿਕ ਕਾਲਜ,ਮਜੀਠਾ ਰੋਡ, ਅੰਮ੍ਰਿਤਸਰ ਵਿਖੇ ਪਲੇਸਮੈਂਟ ਡਰਾਈਵ ਕਰਵਾਈ ਗਈ। ਜਿਸ ਵਿੱਚ ਸੀਏਟ ਟਾਇਰਸ ਲਿਮਿਟਡ ਗੁਜਰਾਤ ਦੀ ਕੰਪਨੀ ਨੇ ਭਾਗ ਲਿਆ। ਸੀਅਟ ਕੰਪਨੀ ਦੁਆਰਾ ਆਪਣੇ ਦੋ ਐਚ ਆਰ ਨਿਸ਼ਾ ਗੋਪੇ ਅਤੇ ਕਾਜਲ ਠਾਕਰ ਨੂੰ ਇਹ ਡਰਾਈਵ ਨੂੰ ਕੰਪਲੀਟ ਕਰਨ ਲਈ ਭੇਜਿਆ ਗਿਆ। ਇਸ ਕੰਪਨੀ ਨੇ ਬੀਐਸਸੀ ਅਤੇ ਡਿਪਲੋਮਾ ਹੋਲਡਰ ਦੇ ਲਗਭਗ 200 ਤੋਂ ਜਿਆਦਾ ਸਟੂਡੈਂਟਸ ਦੀ ਭਰਤੀ ਕਰਨ ਦਾ ਟੀਚਾ ਰੱਖਿਆ ਸੀ। ਇਸ ਪਲੇਸਮੈਂਟ ਡਰਾਈਵ ਵਿੱਚ ਪੰਜਾਬ ਭਰ ਤੋਂ ਆਏ ਵੱਖ ਵੱਖ ਪੋਲੀਟੈਕਨਿਕ ਕਾਲਜਾਂ ਤੋਂ 270 ਵਿਦਿਆਰਥੀਆਂ ਨੇ ਹਿੱਸਾ ਲਿਆ, ਇਸ ਕੰਪਨੀ ਦੁਆਰਾ 162 ਸਟੂਡੈਂਟਸ ਨੂੰ ਸ਼ੋਰਟ ਲਿਸਟਡ ਕੀਤਾ ਗਿਆ। ਕੰਪਨੀ ਦੁਆਰਾ ਲਗਭਗ ਦੋ ਲੱਖ 40 ਹਜਾਰ ਰੁਪਏ ਸਲਾਨਾ ਪੈਕੇਜ ਦਿੱਤਾ ਜਾਣਾ ਹੈ, ਇਸ ਡਰਾਈਵ ਨੂੰ ਸਫਲਤਾ ਪੂਰਵਕ ਸਿਰੇ ਚੜਾਣ ਵਿੱਚ ਸ਼ੁਮਨਪ੍ਰੀਤ ਕੌਰ ਅਤੇ ਪਵਨਦੀਪ ਸਿੰਘ ਦਾ ਮੁੱਖ ਰੋਲ ਸੀ ਇਸ ਮੌਕੇ ਤੇ ਸੰਸਥਾ ਦੇ ਪ੍ਰਿੰਸੀਪਲ ਪਰਮਵੀਰ ਸਿੰਘ ਮੱਤੇਵਾਲ ਜੀ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਪਲੇਸਮੈਂਟ ਡਰਾਈਵ ਕਰਨ ਦਾ ਵਾਅਦਾ ਕੀਤਾ। ਇਸ ਮੌਕੇ ਤੇ ਜਸਵਿੰਦਰ ਪਾਲ ਕੌਰ ਸੰਧੂ, ਸੰਦੀਪ ਕੌਰ, ਗੁਰਪਿੰਦਰ ਗਿੱਲ, ਜਿਸਮਿੰਦਰਜੀਤ ਸਿੰਘ, ਨਰੇਸ਼ ਕੁਮਾਰ ਅਤੇ ਯਸ਼ਪਾਲ ਪਠਾਣੀਆ ਅਤੇ ਸਮੂਹ ਸਟਾਫ ਹਾਜ਼ਰ ਸੀ ।

# ਕੋਰਟ ਕੰਪਲੈਕਸ ਖਰੜ ਦੇ ਬਾਹਰ ਸੜਕ 'ਤੇ ਖੜੀਆਂ ਗੱਡੀਆਂ ਦੇ ਰਹੀਆਂ ਹਨ ਹਾਦਸਿਆਂ ਨੂੰ ਸੱਦਾ

ਖਰੜ, (ਕਾਲਾ ਸਿੰਘ ਸੈਣੀ )- ਸ਼ਹਿਰ ਖਰੜ ਵਿਚ ਜਿਆਦਾਤਰ ਜਾਮ ਪਾਰਕਿੰਗ ਦੀ ਸਮੱਸਿਆ ਕਾਰਨ ਲੱਗ ਰਹੇ ਹਨ, ਕਿਉਂਕਿ ਸ਼ਹਿਰ ਵਿਚ ਕਿਤੇ ਵੀ ਪਾਰਕਿੰਗ ਦੇ ਪੁਖਤਾ ਪ੍ਰਬੰਧ ਨਹੀਂ ਹਨ। ਜੇਕਰ ਗੱਲ ਕਰੀਏ ਖਰੜ ਦੀ ਕੋਰਟ ਕੰਪਲੈਕਸ ਦੇ ਬਾਹਰ ਦੀ ਤਾਂ ਇਥੇ ਸੜਕ ਦੇ ਦੋਨੋਂ ਪਾਸੇ ਖੜੇ ਵਾਹਨ ਜਿਥੇ ਵੱਡੇ ਹਾਦਸਿਆਂ ਨੂੰ ਸੱਦਾ ਦੇ ਰਹੇ ਹਨ ਅਤੇ ਇਨਾਂ ਵਾਹਨਾਂ ਕਾਰਨ ਹਰ ਰੋਜ ਆਮ ਲੋਕਾਂ ਨੂੰ ਜਾਮ ਦਾ ਸਾਹਮਣਾ ਵੀ ਕਰਨਾ ਪੈਂਦਾ ਹੈ। ਇਥੇ ਦੱਸਣਯੋਗ ਹੈ ਕਿ ਖਰੜ ਕੋਰਟ ਕੰਪਲੈਕਸ ਵਿਚ ਤਹਿਸੀਲ ਦਫ਼ਤਰ, ਐਸ.ਡੀ.ਐਮ. ਦਫ਼ਤਰ ਅਤੇ ਡੀ.ਐਸ.ਪੀ. ਦਫ਼ਤਰ ਹਨ, ਜਿਥੇ ਰੋਜਾਨਾਂ ਹਜਾਰਾਂ ਦੀ ਗਿਣਤੀ ਵਿਚ ਲੋਕਾਂ ਆਪੋ-ਆਪਣੇ ਕੰਮ ਕਰਵਾਉਣ ਲਈ ਆਉਂਦੇ ਹਨ ਪਰ ਪਾਰਕਿੰਗ ਦਾ ਪੁਖਤਾ ਪ੍ਰਬੰਧ ਨਾ ਹੋਣ ਕਾਰਨ ਲੋਕਾਂ ਨੂੰ ਆਪੋ-ਆਪਣੇ ਵਾਹਨ ਬਾਹਰ ਸੜਕ 'ਤੇ ਖੜੇ ਕਰਕੇ ਆਉਣੇ ਪੈਂਦੇ ਹਨ। ਪਾਰਕਿੰਗ ਨਾ ਹੋਣ ਕਾਰਨ ਸੜਕ 'ਤੇ ਖੜੇ ਵਾਹਨਾਂ ਕਾਰਨ ਆਮ ਰਾਹਗਿਰਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਸੜਕ ਦੇ ਕਿਨਾਰੇ ਪੈਦਲ ਚੱਲਣ ਵਾਲਿਆਂ ਨੂੰ ਸੜਕ ਦੇ ਵਿਚਕਾਰ ਚੱਲਣ ਲਈ ਮਜਬੂਰ ਹੋਣਾ ਪੈਂਦਾ ਹੈ, ਜਿਸ ਨਾਲ ਕਈ ਵਾਰੀ ਹਾਦਸੇ ਵੀ ਵਾਪਰ ਜਾਂਦੇ ਹਨ।

" ਹਰਜੀਤ ਸਿੰਘ ਪੰਨੂੰ:- ਸਮਾਜਸੇਵੀ ਆਗੂ ਹਰਜੀਤ ਸਿੰਘ ਪੰਨੂੰ ਨੇ ਕਿਹਾ ਕਿ ਜਿਲਾ ਮੋਹਾਲੀ ਦੀ ਤਰਜ਼ 'ਤੇ ਹੀ ਖਰੜ ਵਿਚ ਕੋਰਟ ਕੰਪਲੈਕਸ ਅਤੇ ਤਹਿਸੀਲ ਦਫ਼ਤਰ ਨੂੰ ਨਵੇਂ ਅਤੇ ਆਧੁਨਿਕ ਢੰਗ ਨਾਲ ਬਣਾਇਆ ਜਾਣਾ ਚਾਹੀਦਾ ਹੈ। ਉਨਾਂ ਕਿਹਾ ਕਿ ਬੇਸਮੈਂਟ ਵਿਚ ਪਾਰਕਿੰਗ ਅਤੇ ਉੱਪਰ ਦਫ਼ਤਰ ਬਣਨੇ ਚਾਹੀਦੇ ਹਨ। ਉਨਾਂ ਕਿਹਾ ਕਿ ਸਰਕਾਰ ਨੂੰ ਖਰੜ ਤਹਿਸੀਲ ਵਿਚੋਂ ਬਹੁਤ ਜਿਆਦਾ ਰੈਵਨਿਊ ਹੈ ਇਸ ਲਈ ਇਹ ਕੰਮ ਪਹਿਲ ਦੇ ਆਧਾਰ 'ਤੇ ਹੋਣਾ ਚਾਹੀਦਾ ਹੈ। ਉਨਾਂ ਕਿਹਾ ਕਿ ਕੰਪਲੈਕਸ ਦੇ ਨਾਲ ਨਦੀ ਵਾਲੇ ਪਾਸੇ ਕਾਫ਼ੀ ਜਗਾ ਖਾਲੀ ਪਈ ਹੈ ਫਿਲਹਾਲ ਉਸ ਜਗਾ ਪਾਰਕਿੰਗ ਦਾ ਪ੍ਰਬੰਧ ਕਰਨਾ ਚਾਹੀਦਾ ਹੈ ਤਾਂ ਜੋ ਸੜਕ 'ਤੇ ਖੜਦੇ ਵਾਹਨਾਂ ਕਾਰਨ ਆ ਰਹੀ ਸਮੱਸਿਆ ਨੂੰ ਹੱਲ ਕੀਤਾ ਜਾ ਸਕੇ "



" ਕੁਲਵੰਤ ਸਿੰਘ ਤ੍ਰਿਪੜੀ:- ਸ਼੍ਰੋਮਣੀ ਅਕਾਲੀ ਦਲ ਦੇ ਜਥੇਬੰਦਕ ਸਕੱਤਰ ਕੁਲਵੰਤ ਸਿੰਘ ਤ੍ਰਿਪੜੀ ਨੇ ਕਿਹਾ ਕਿ ਕੋਰਟ ਕੰਪਲੈਕਸ ਦੇ ਬਾਹਰ ਸੜਕ 'ਤੇ ਖੜੀਆਂ ਗੱਡੀਆਂ ਲੋਕਾਂ ਨੂੰ ਮਜਬੂਰੀ 'ਚ ਖੜੀਆਂ ਕਰਨੀਆਂ ਪੈਂਦੀਆਂ ਹਨ ਪਰ ਟ੍ਰੈਫਿਕ ਪੁਲਸ ਦੇ ਮੁਲਾਜਮਾਂ ਦੀ ਘਾਟ ਕਾਰਨ ਇਸ ਸੜਕ 'ਤੇ ਜਾਮ ਲੱਗ ਜਾਂਦਾ ਹੈ। ਉਨਾਂ ਕਿਹਾ ਕਿ ਰੂਪਨਗਰ ਰੋਡ ਤੋਂ ਲੁਧਿਆਣਾ ਜਾਣ ਵਾਲੀ ਟ੍ਰੈਫਿਕ ਨੂੰ ਵੀ ਤਹਿਸੀਲ ਕੰਪਲੈਕਸ ਵਾਲੇ ਕੱਟ ਤੋਂ ਮੁੜਨਾ ਪੈਂਦਾ ਹੈ ਜਿਸ ਕਾਰਨ ਜਾਮ ਲੱਗ ਜਾਂਦਾ ਹੈ ਅਤੇ ਸੜਕ ਦੇ ਦੂਸਰੇ ਪਾਸੇ ਸ਼ਿਵਜੋਤ ਇਨਕਲੇਵ ਜਾਣ ਲਈ ਰੌਂਗ ਸਾਇਡ ਤੋਂ ਰਾਹਗਿਰ ਜਾਂਦੇ ਹਨ ਜਿਸ ਕਾਰਨ ਕਈ ਵਾਰ ਵੱਡੇ ਹਾਦਸੇ ਹੋ ਜਾਣੇ ਹਨ ਅਤੇ ਸੜਕ 'ਤੇ ਜਾਮ ਲੱਗ ਜਾਦਾ ਹੈ। ਉਨਾਂ ਕਿਹਾ ਕਿ ਪ੍ਰਸਾਸ਼ਨ ਨੂੰ ਟ੍ਰੈਫਿਕ ਦੀ ਸਮੱਸਿਆ ਦੇ ਨਾਲ-ਨਾਲ ਪਾਰਕਿੰਗ ਦੀ ਸਮੱਸਿਆ ਦਾ ਹੱਲ ਪਹਿਲ ਦੇ ਆਧਾਰ 'ਤੇ ਕਰਨਾ ਚਾਹੀਦਾ ਹੈ "

" ਕੀ ਕਹਿੰਦੇ ਨੇ ਐਸ.ਡੀ.ਐਮ. ਖਰੜ:- ਇਸ ਸਮੱਸਿਆ ਸਬੰਧੀ ਜਦੋਂ ਐਸ.ਡੀ.ਐਮ. ਖਰੜ ਗੁਰਮੰਦਰ ਸਿੰਘ ਨਾਲ ਫੋਨ 'ਤੇ ਗੱਲਬਾਤ ਕੀਤੀ ਤਾਂ ਉਨਾਂ ਕਿਹਾ ਕਿ ਪਾਰਕਿੰਗ ਦੇ ਹੱਲ ਲਈ ਨੈਸ਼ਨਲ ਹਾਈਵੇ ਨਾਲ ਮੀਟਿੰਗ ਰੱਖੀ ਗਈ ਹੈ ਅਤੇ ਜਲਦ ਹੀ ਪਾਰਕਿੰਗ ਦੀ ਸਮੱਸਿਆ ਦਾ ਹੱਲ ਕੀਤਾ ਜਾਵੇਗਾ।

# ਸਾਹਿਤਕਾਰ ਹਰਨਾਮ ਸਿੰਘ ਡੱਲਾ ਦੀਆਂ ਦੋ ਕਾਵਿ ਪੁਸਤਕਾਂ ਦਾ 8 ਫਰਵਰੀ ਨੂੰ ਰਿਲੀਜ਼ ਸਮਾਰੋਹ



ਖਰੜ : ( ਕਾਲਾਂ ਸੰਘ ਸੈਣੀ ) ਪੁਆਧੀ ਸਾਹਿਤਕ ਮਹਿਫ਼ਲਾਂ ਵਿੱਚ ਚਰਚਿਤ ਸਾਹਿਤਕਾਰ ਹਰਨਾਮ ਸਿੰਘ ਡੱਲਾ ਦੀਆਂ ਦੋ ਕਾਵਿ ਪੁਸਤਕਾਂ ਦਾ ਰਲੀਜ਼ ਸਮਾਰੋਹ ਮਿਤੀ 08 ਫਰਵਰੀ 2025 ਨੂੰ ਸਵੇਰੇ 10.30 ਵਜੇ ਸ੍ਰੀ ਗੁਰੂ ਰਵਿਦਾਸ ਭਵਨ ਖਰੜ ਵਿਖੇ ਆਯੋਜਤ ਕੀਤਾ ਜਾ ਰਿਹਾ ਹੈ। ਗ਼ਦਰੀ ਬਾਬੇ ਵਿਚਾਰਧਾਰਕ ਮੰਚ ਪੰਜਾਬ ਅਤੇ ਸਾਹਿਤ ਸਭਾ ਬਹਿਰਾਮਪੁਰ ਬੇਟ ਵਲੋਂ ਰਚਾਏ ਜਾਣ ਵਾਲੇ ਇਸ ਸਮਾਗਮ ਵਿੱਚ ਸ੍ਰੀ ਡੱਲਾ ਰਚਿਤ ਕਾਵਿ ਸੰਗ੍ਰਹਿ ਵਿਥਿਆ ਦੇ ਰੂਬਰੂ ਅਤੇ ਗ਼ਜ਼ਲ ਸੰਗ੍ਰਹਿ ਉਦਾਸੀ ਚਾਨਣੀ ਦਾ ਦੂਜਾ ਐਡੀਸ਼ਨ ਪਾਠਕਾਂ ਲਈ ਲੋਕ ਅਰਪਣ ਕੀਤਾ ਜਾਵੇਗਾ। ਰੰਗਕਰਮੀ ਅਤੇ ਫਿਲਮ ਅਦਾਕਾਰ ਸੈਮੂਅਲ ਜੌਹਨ ਇਸ ਸਮਾਗਮ ਦੀ ਪ੍ਰਧਾਨਗੀ ਕਰਨਗੇ। ਮਸ਼ਹੂਰ ਗ਼ਜ਼ਲਕਾਰ ਐਸ ਨਸੀਮ,ਹਰਬੰਸ ਮਾਲਵਾ ਤੇ ਬਲਵੰਤ ਮਾਂਗਟ,ਸੰਤ ਸਿੰਘ ਸੋਹਲ ਅਤੇ ਦਰਸ਼ਨ ਸਿੰਘ ਬਨੂੰੜ ਬਤੌਰ ਮਹਿਮਾਨ ਸ਼ਾਇਰ ਇਸ ਸਮਾਗਮ ਵਿੱਚ ਹਾਜ਼ਰੀ ਭਰਨਗੇ। ਪੁਸਤਕਾਂ ਬਾਰੇ ਜਾਣ ਪਹਿਚਾਣ ਡਾਕਟਰ ਸੰਤੋਖ ਸਿੰਘ ਸੁੱਖੀ ਅਤੇ ਰਾਬਿੰਦਰ ਸਿੰਘ ਰੱਬੀ ਕਰਵਾਉਣਗੇ। ਇਸੇ ਦੌਰਾਨ ਨਾਮਵਰ ਹੋਰ ਸ਼ਾਇਰ ਵੀ ਕਵੀ ਦਰਬਾਰ ਵਿੱਚ ਆਪੋ ਆਪਣੀਆਂ ਰਚਨਾਵਾਂ ਪੜ੍ਹਨਗੇ। ਇਸ ਸਮਾਗਮ ਬਾਰੇ ਜਾਣਕਾਰੀ ਦਿੰਦਿਆਂ ਗ਼ਦਰੀ ਬਾਬੇ ਵਿਚਾਰਧਾਰਕ ਮੰਚ ਪੰਜਾਬ ਦੇ ਜਨਰਲ ਸਕੱਤਰ ਸ੍ਰੀ ਸੰਤਵੀਰ,ਸਕੱਤਰ ਸ੍ਰੀ ਸੁਖਵਿੰਦਰ ਸਿੰਘ ਦੁਮਣਾ, ਖਜਾਨਚੀ ਕਾਮਰੇਡ ਯੋਗਰਾਜ ਅਤੇ ਸਾਹਿਤ ਸਭਾ ਬਹਿਰਾਮਪੁਰ ਬੇਟ ਦੇ ਪ੍ਰਧਾਨ ਸ੍ਰੀ ਕੁਲਵਿੰਦਰ,ਸੁਰਿੰਦਰ ਸਿੰਘ ਰਸੂਲਪੁਰ ਅਤੇ ਰਘਬੀਰ ਸਿੰਘ ਨੇ ਪੁਆਧ ਦੇ ਸਮੂਹ ਲੇਖਕਾਂ ਨੂੰ ਇਸ ਸਮਾਗਮ ਵਿੱਚ ਪਹੁੰਚਣ ਦੀ ਅਪੀਲ ਕੀਤੀ ਹੈ।

# ਪੀ.ਐਮ. ਸਵਾਨਿਧੀ ਯੋਜਨਾ ਤਹਿਤ ਕੈਂਪ ਲਗਾਇਆ

ਖਰੜ, ( ਕਾਲਾ ਸਿੰਘ ਸੈਣੀ )- ਨਗਰ ਕੌਂਸਲ ਖਰੜ ਵਿਖੇ ਪੀ.ਐਮ. ਸਵਾਨਿਧੀ ਯੋਜਨਾ ਤਹਿਤ ਕੈਂਪ ਲਗਾਇਆ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਮਿਊਸੀਪਲ ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਅਮਿਤ ਕੁਮਾਰ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਸਟਰੀਟ ਵੈਂਡਰਸ ਲਈ ਪ੍ਰਧਾਨ ਮੰਤਰੀ ਸਵਾਨਿਧੀ ਯੋਜਨਾ ਚਲਾਈ ਗਈ ਹੈ ਜਿਸ ਦਾ ਦੂਜਾ ਭਾਗ ਸੁਰੂ ਕੀਤਾ ਗਿਆ ਹੈ, ਜਿਸ ਵਿੱਚ ਪਹਿਲਾਂ ਲਿਆ ਲੋਨ ਕਲੀਅਰ ਕਰਨ ਵਾਲੇ ਲਾਭਪਾਤਰੀਆਂ ਦੇ ਪਰਿਵਾਰਿਕ ਮੈਂਬਰਾਂ ਨੂੰ ਵੀ ਇਸ ਯੋਜਨਾ ਨਾਲ ਜੋੜਿਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਇਸ ਸਕੀਮ ਦੇ ਨਾਲ ਜੋ ਲਾਭ ਪਹਿਲਾਂ ਲਾਭਪਾਤਰੀ ਲੈ ਰਹੇ ਸੀ ਉਹ ਲਾਭ ਉਸ ਦੇ ਪਰਿਵਾਰਿਕ ਮੈਂਬਰ ਵੀ ਲੈ ਸਕਣਗੇ। ਉਹਨਾਂ ਦੱਸਿਆ ਕਿ ਪੀ.ਐਮ. ਸਵਾਨਿਧੀ ਯੋਜਨਾ ਦਾ ਲਾਭ ਲੈਣ ਤੋਂ ਬਾਅਦ ਸੜਕ ਵਿਕਰੇਤਾ ਆਪਣੇ ਪਰਿਵਾਰ ਨੂੰ ਭਾਰਤ ਸਰਕਾਰ ਦੀਆਂ 'ਪ੍ਰਧਾਨ ਮੰਤਰੀ ਸੁਰੱਖਿਆ ਬੀਮਾ ਯੋਜਨਾ', 'ਪ੍ਰਧਾਨ ਮੰਤਰੀ ਜੀਵਨ ਜੋਤੀ ਬੀਮਾ ਯੋਜਨਾ', 'ਪ੍ਰਧਾਨ ਮੰਤਰੀ ਸ਼੍ਰਮ ਯੋਗੀ ਮੰਦਾਨ', 'ਜਨਨੀ ਸੁਰੱਖਿਆ ਯੋਜਨਾ', 'ਪ੍ਰਧਾਨ ਮੰਤਰੀ ਜਨ ਧਨ ਯੋਜਨਾ', 'ਅਧੀਨ ਬੀ.ਓ.ਸੀ. ਡਬਲਊ. ਰਜਿਸਟਰੇਸਨ', 'ਇੱਕ ਰਾਸਟਰ ਇਕ ਰਾਸ਼ਨ ਕਾਰਡ', 'ਪ੍ਰਧਾਨ ਮੰਤਰੀ ਮਾਤਰੂ ਵੰਦਨਾ ਯੋਜਨਾ' ਨਾਲ ਜੋੜ ਸਕਦੇ ਹਨ। ਉਹਨਾਂ ਕਿਹਾ ਕਿ ਜਿਨਾਂ ਲਾਭਪਾਤਰੀਆਂ ਦਾ ਸਿੱਬਲ ਸਕੋਰ ਬਹੁਤ ਵਧੀਆ ਹੈ ਉਹ ਅਪ੍ਰੈਲ ਤੋਂ ਚੱਲਣ ਵਾਲੀ ਇਹ ਸਕੀਮ ਦਾ ਵੱਧ ਤੋਂ ਵੱਧ ਲਾਹਾ ਲੈਣ। ਇਸ ਮੌਕੇ ਨਗਰ ਕੌਂਸਲ ਦੀ ਕਲਰਕ ਇੰਦੂ ਬਾਲਾ ਨੇ ਦੱਸਿਆ ਕਿ ਪੀ.ਐਮ. ਸਵਾਨਿਧੀ ਯੋਜਨਾ ਦੇ ਤਹਿਤ ਉਹ ਸਟਰੀਟ ਵੈਂਡਰਾ ਨੂੰ ਲੋਨ ਦੇ ਰਹੇ ਹਨ। ਉਹਨਾਂ ਦੱਸਿਆ ਕਿ ਕੇਂਦਰ ਸਰਕਾਰ ਦੀ ਸਕੀਮ ਦੇ ਤਹਿਤ ਲਾਭਪਾਤਰੀਆਂ ਨੂੰ ਪਹਿਲਾਂ 10 ਹਜਾਰ, ਫਿਰ 20 ਹਜਾਰ ਤੇ 50 ਹਜਾਰ ਤੱਕ ਦੇ ਲੋਨ ਮੁਹੱਈਆ ਕਰਵਾਏ ਜਾ ਰਹੇ ਹਨ। ਉਹਨਾਂ ਦੱਸਿਆ ਕਿ ਸ਼ਹਿਰ ਵਿਚ 1700 ਦੇ ਕਰੀਬ ਸਟਰੀਟ ਵੈਂਡਰਾਂ ਦੇ ਫਾਰਮ ਭਰਾਏ ਜਾ ਚੁੱਕੇ ਹਨ ਸਵਾਨਿਧੀ ਤੋਂ ਸਮਰਿਧੀ ਯੋਜਨਾ ਤਹਿਤ 700 ਲਾਭਪਾਤਰੀਆਂ ਦੇ ਫਾਰਮ ਭਰੇ ਜਾ ਚੁੱਕੇ ਹਨ। ਉਨਾਂ ਦੱਸਿਆ ਕਿ ਅੱਜ ਸੈਲਪ ਹੈਪਲ ਗਰੁੱਪ ਦੀਆਂ ਵੀ ਸਟਾਲਾਂ ਲਗਾਈਆਂ ਗਈਆਂ ਹਨ। ਉਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਸਰਕਾਰ ਦੀਆਂ ਸਕੀਮਾਂ ਦਾ ਵੱਧ ਤਾਂ ਵੱਧ ਲਾਹਾ ਲੈਣ। ਇਸ ਮੌਕੇ ਚੇਅਰਮੈਨ ਹਰਪ੍ਰੀਤ ਸਿੰਘ ਖੱਟੜਾ, ਜਨਰਲ ਸਕੱਤਰ ਗੁਰਜਿੰਦਰ ਮੋਹਨ ਸਿੰਘ, ਅੰਗਰੇਜ਼ ਸਿੰਘ, ਰਣਜੀਤ ਸਿੰਘ, ਕੁਲਜੀਤ ਸਿੰਘ, ਰਾਜਪ੍ਰੀਤ ਸਿੰਘ ਰੋਮੀ ਸਮੇਤ ਹੋਰ ਅਹੁੱਦੇਦਾਰ ਹਾਜਰ ਸਨ।



# ਮਾਣ ਮੱਤਾ ਪੱਤਰਕਾਰ ਪੁਰਸਕਾਰ ਇਸ ਵਰ੍ਹੇ ਡਾ.ਘੁੰਮਣ ਅਤੇ ਚਨਾਰਥਲ ਨੂੰ





ਫਗਵਾੜਾ ( ਸੁਸ਼ੀਲ ਸ਼ਰਮਾ) ਪੰਜਾਬੀ ਵਿਰਸਾ ਟਰੱਸਟ(ਰਜਿ:) ਵੱਲੋਂ ਨੌਵਾਂ-2024 ਮਾਣ ਮੱਤਾ ਪੱਤਰਕਾਰ ਪੁਰਸਕਾਰ ਇਸ ਵਰ੍ਹੇ ਪ੍ਰਸਿੱਧ ਅਰਥ ਸ਼ਾਸ਼ਤਰੀ ਅਤੇ ਕਾਲਮਨਵੀਸ ਡਾ.ਰਣਜੀਤ ਸਿੰਘ ਘੁੰਮਣ ਅਤੇ ਪ੍ਰਸਿੱਧ ਫੀਲਡ ਪੱਤਰਕਾਰ ਦੀਪਕ ਸ਼ਰਮਾ ਚਨਾਰਥਲ ਨੂੰ ਦੇਣ ਦਾ ਫ਼ੈਸਲਾ ਕੀਤਾ ਗਿਆ ਹੈ। ਇਹ ਫ਼ੈਸਲਾ ਪੰਜਾਬੀ ਵਿਰਸਾ ਟਰੱਸਟ ਵੱਲੋਂ ਬਣਾਈ ਚੋਣ ਕਮੇਟੀ, ਜਿਸ ਵਿੱਚ ਪ੍ਰਸਿੱਧ ਪੱਤਰਕਾਰ ਸਤਨਾਮ ਸਿੰਘ ਮਾਣਕ, ਲੇਖਕ ਡਾ.ਲਖਵਿੰਦਰ ਸਿੰਘ ਜੌਹਲ, ਲੇਖਕ ਪ੍ਰੋ. ਜਸਵੰਤ ਸਿੰਘ ਗੰਡਮ, ਕਾਲਮਨਵੀਸ ਪ੍ਰਿੰ. ਗੁਰਮੀਤ ਸਿੰਘ ਪਲਾਹੀ ਸ਼ਾਮਲ ਸਨ, ਵੱਲੋਂ ਕੀਤਾ ਗਿਆ। ਇਸ ਸੰਬੰਧੀ ਸਮਾਗਮ 23 ਫਰਵਰੀ 2025 ਨੂੰ ਫਗਵਾੜਾ ਵਿਖੇ ਆਯੋਜਿਤ ਕੀਤਾ ਜਾਵੇਗਾ।

ਇਸ ਪੁਰਸਕਾਰ ਵਿੱਚ ਮਾਣ ਪੱਤਰ, ਮੰਮੈਂਟੋ, ਦੁਸ਼ਾਲਾ ਤੇ ਨਕਦ ਰਾਸ਼ੀ ਦਿੱਤੀ ਜਾਵੇਗੀ। ਸਮਾਗਮ ਪੰਜਾਬ ਚੇਤਨਾ ਮੰਚ ਦੇ ਸਹਿਯੋਗ ਨਾਲ ਹੋਏਗਾ ਅਤੇ ਡਾ.ਰਣਜੀਤ ਸਿੰਘ ਘੁੰਮਣ ਪੰਜਾਬ ਦੀਆਂ ਚਣੌਤੀਆਂ ਅਤੇ ਸੰਭਾਵਨਾਵਾਂ ਵਿਸ਼ੇ ਤੇ ਇਸ ਸਮੇਂ ਵਿਚਾਰ ਪੇਸ਼ ਕਰਨਗੇ। ਪ੍ਰਿੰ. ਗੁਰਮੀਤ ਸਿੰਘ ਪਲਾਹੀ ਜਨਰਲ ਸਕੱਤਰ ਨੇ ਦੱਸਿਆ ਕਿ ਪਹਿਲਾ 2016 ਵਿੱਚ ਸ.ਨਰਪਾਲ ਸਿੰਘ ਸ਼ੇਰਗਿੱਲ ਅਤੇ ਪ੍ਰੋ. ਜਸਵੰਤ ਸਿੰਘ ਗੰਡਮ ਨੂੰ, ਦੂਜਾ 2017 ਵਿੱਚ ਪ੍ਰੋ. ਪਿਆਰਾ ਸਿੰਘ ਭੋਗਲ ਅਤੇ ਸ਼੍ਰੀ ਠਾਕਰ ਦਾਸ ਚਾਵਲਾ ਨੂੰ, ਤੀਜਾ 2018 ਵਿੱਚ ਡਾ. ਸਵਰਾਜ ਸਿੰਘ ਅਤੇ ਸ. ਆਈ.ਪੀ. ਸਿੰਘ ਨੂੰ, ਚੌਥਾ 2019 ਵਿਚ ਡਾ. ਗਿਆਨ ਸਿੰਘ ਅਤੇ ਸ.ਅਵਤਾਰ ਸਿੰਘ ਸ਼ੇਰਗਿੱਲ ਨੂੰ, ਪੰਜਵਾਂ 2020 ਵਿੱਚ ਡਾ.ਐਸ.ਐਸ.ਛੀਨਾ ਅਤੇ ਸ੍ਰ:ਗੁਰਚਰਨ ਸਿੰਘ ਨੂਰਪੁਰ ਨੂੰ, ਛੇਵਾਂ 2021 ਵਿੱਚ ਸ੍ਰ: ਸਤਨਾਮ ਸਿੰਘ ਮਾਣਕ ਅਤੇ ਸ੍ਰ: ਚਰਨਜੀਤ ਸਿੰਘ ਭੁੱਲਰ ਨੂੰ, ਸੱਤਵਾਂ 2022 ਵਿੱਚ ਉਜਾਗਰ ਸਿੰਘ ਸਾਬਕਾ ਡੀ.ਪੀ.ਆਰ.ਓ. ਅਤੇ ਡਾ. ਸ਼ਿਆਮ ਸੁੰਦਰ ਦੀਪਤੀ ਨੂੰ, ਅੱਠਵਾਂ 2023 ਵਿੱਚ ਸ: ਕੁਲਦੀਪ ਸਿੰਘ ਬੇਦੀ ਅਤੇ ਸ਼੍ਰੀਮਤੀ ਰਚਨਾ ਖਹਿਰਾ ਨੂੰ ਇਹ ਮਾਣ ਮੱਤਾ ਪੱਤਰਕਾਰ ਪੁਰਸਕਾਰ ਪ੍ਰਦਾਨ ਕੀਤਾ ਜਾ ਚੁੱਕਾ ਹੈ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜ਼ਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਰਾਜ ਪੱਧਰੀ ਦਿਵਿਆਂਗ ਕਲਾ ਮੁਕਾਬਲੇ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੈਂਡਰੀ ਸਕੂਲ ਦੀ ਝੰਡੀ

ਫਗਵਾੜਾ (ਸੁਸ਼ੀਲ ਸ਼ਰਮਾ) ਸਿੱਖਿਆ ਅਤੇ ਕਲਾ ਮੰਚ ਨਵੇਂ ਦਿਸਹੱਦੇ ਵੱਲੋਂ ਦਿਵਿਆਂਗ ਬੱਚੇ ਜੋ ਸਰੀਰਕ ਤੌਰ ਤੇ ਸਮੱਸਿਆਵਾਂ ਨਾਲ ਜੂਝ ਰਹੇ ਹਨ ਉਹਨਾਂ ਦੇ ਲੋਕ ਨਾਚ ਗੀਤ ਕਵਿਤਾ ਸੁੰਦਰ ਲਿਖਾਈ ਮੁਕਾਬਲੇ ਕਰਵਾਏ ਗਏ।ਪ੍ਰਿੰਸੀਪਲ ਸ਼੍ਰੀਮਤੀ ਮੀਨੂੰ ਗੁਪਤਾ ਜੀ ਨੇ ਪ੍ਰੈੱਸ ਨਾਲ ਜਾਣਕਾਰੀ ਸਾਂਝੀਆਂ ਕਰਦਿਆਂ ਕਿਹਾ ਕਿ ਇਸੇ ਲੜੀ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੇ ਆ ਵਿਦਿਆਰਥਣਾਂ ਨੇ ਸਿੱਖਿਆ ਅਤੇ ਕਲਾ ਮੰਚ ਨਵੇਂ ਦਿਸਹੱਦੇ ਵੱਲੋਂ ਆਯੋਜਿਤ ਕੀਤੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੇ ਆਨਲਾਈਨ ਮੁਕਾਬਲਿਆਂ ਵਿੱਚ ਭਾਗ ਲਿਆ ਜਿਸ ਵਿੱਚ ਰੁਪਾਲੀ ਚਿੱਤਰਕਲਾ,ਅੰਜਲੀ ਸੁੰਦਰ ਲਿਖਾਈ ਅਤੇ ਸੋਲੋ ਡਾਂਸ ਪ੍ਰਿਤੀਕਾ ਸੋਲੋ ਡਾਂਸ ਦੀ ਰਾਜ ਪੱਧਰੀ ਆਫਲਾਈਨ ਮੁਕਾਬਲੇ ਲਈ ਚੋਣ ਕੀਤੀ ਗਈ। ਰਾਜ ਪੱਧਰੀ ਦਿਵਿਆਂਗ ਕਲਾ ਮੁਕਾਬਲੇ ਮਨੁੱਖਤਾ ਦੀ ਸਭ ਤੋਂ ਵੱਡੀ ਸੰਸਥਾ ਸੁਪਨਿਆਂ ਦੇ ਘਰ ਹਸਨਪੁਰ ਲੁਧਿਆਣਾ ਵਿਖੇ ਸਰਦਾਰ ਗੁਰਪ੍ਰੀਤ ਸਿੰਘ ਮਿੰਟੂ ਅਤੇ ਹਰਦੀਪ ਸੰਧੂ ਦੀ ਅਗਵਾਈ ਵਿੱਚ ਕਰਵਾਏ ਗਏ।ਜਿਸ ਵਿੱਚ ਸਕੂਲ ਦੇ ਵਿਦਿਆਰਥਣ ਰੂਪਾਲੀ ਨੇ ਚਿੱਤਰਕਾਰੀ ਚ ਰਾਜ ਪੱਧਰ ਵਿੱਚ ਪਹਿਲਾ ਸਥਾਨ ਅੰਜਲੀ ਨੇ ਸੁੰਦਰ ਲਿਖਾਈ ਮੁਕਾਬਲੇ ਚ ਪਹਿਲਾਂ ਸਥਾਨ ਅਤੇ ਸੋਲੋ ਡਾਂਸ ਵਿੱਚ ਦੂਜਾ ਸਥਾਨ ਹਾਸਿਲ ਕੀਤਾ। ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੇ ਆਪਣੀ ਕਲਾ ਦਾ ਉੱਤਮ ਨਮੂਨਾ ਦਿਖਾਉਂਦੇ ਆ ਤੇ ਸਾਰੇ ਜਿਲ੍ਹਿਆਂ ਵਿੱਚੋਂ ਜਿੱਤ ਹਾਸਿਲ ਕੀਤੀ। ਲੁਧਿਆਣਾ ਵਿਖੇ ਬੱਚਿਆਂ ਦੇ ਬੱਚਿਆਂ ਦੇ ਗਾਈਡ ਅਧਿਆਪਕਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਪ੍ਰਿੰਸੀਪਲ ਮੈਡਮ ਮੀਨੂੰ ਗੁਪਤਾ ਨੇ ਆਖਿਆ ਕਿ ਸਮਾਜ ਵਿੱਚ ਹਰ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੀਆਂ ਵਿਸ਼ੇਸ਼ ਲੋੜਾਂ ਨੂੰ ਪੂਰਾ ਕਰਨਾ ਉਹਨਾਂ ਦੇ ਸਕੂਲ ਦੀ ਵਿਲੱਖਣਤਾ ਵਿਸ਼ੇਸ਼ਤਾ ਅਤੇ ਮਿਸ਼ਨ ਹੈ। ਉਹਨਾਂ ਨਵੇਂ ਦਿਸਹੱਦੇ ਟੀਮ ਦਾ ਅਜਿਹੇ ਵਿਲੱਖਣ ਮੁਕਾਬਲੇ ਲਈ ਧੰਨਵਾਦ ਕੀਤਾ। ਉਹਨਾਂ ਗਾਈਡ ਅਧਿਆਪਕ ਦਲਜੀਤ ਕੌਰ ਪੰਜਾਬੀ ਲੈਕਚਰਾਰ ਅਤੇ ਜੋਤੀ ਬਾਲਾ ਮਿਊਜਿਕ ਮਿਸਟਰਸ ਨੂੰ ਬਹੁਤ ਬਹੁਤ ਵਧਾਈ ਦਿੱਤੀ। ਬੱਚਿਆਂ ਅਤੇ ਗਾਈਡ ਅਧਿਆਪਕਾਂ ਨੂੰ ਸਵੇਰ ਦੀ ਸਭਾ ਚ ਸਨਮਾਨਿਤ ਵੀ ਕੀਤਾ ਗਿਆ। ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਹੋਏ ਸਿਰਜਨਾਤਮਕ ਸਿੱਖਿਆ ਸੰਸਾਰ ਦੇ ਸੋਲੋ ਡਾਂਸ ਮੁਕਾਬਲੇ ਵਿੱਚ ਵੀ ਵਿਦਿਆਰਥਣਾਂ ਜੰਨਤ ਨੈਨੀਕਾ,ਨੇ ਸਥਾਨ ਹਾਸਿਲ ਕੀਤਾ ਸੀ। ਉਹਨਾਂ ਵਿਦਿਆਰਥਨਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸਮੁੱਚਾ ਸਟਾਫ ਹਾਜ਼ਰ ਸੀ।



# ਫੋਰ ਐਸ.ਖ਼ਾਲਸਾ ਸੀ.ਸੈ.ਸਕੂਲ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਪ੍ਰਕਾਸ਼ ਦਿਹਾੜਾ ਮਨਾਇਆ



ਫਗਵਾੜਾ (ਸੁਸ਼ੀਲ ਸ਼ਰਮਾ) ਸੰਤ ਸਿੰਘ ਸੁੱਖਾ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ,ਮਾਲ ਰੋਡ ਅੰਮ੍ਰਿਤਸਰ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਪ੍ਰਕਾਸ਼ ਦਿਹਾੜਾ ਬਹੁਤ ਹੀ ਧੂਮ-ਧਾਮ ਨਾਲ ਮਨਾਇਆ ਗਿਆ। ਸਾਰੀਆਂ ਸੰਤ ਸਿੰਘ ਸੁੱਖਾ ਸਿੰਘ ਸੰਸਥਾਵਾਂ ਦੇ ਵਿਦਿਆਰਥੀਆਂ ਦੇ ਕੀਰਤਨੀ ਜੱਥਿਆਂ ਨੇ ਮਨਮੋਹਕ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਸ਼ਬਦ ਕੀਰਤਨ ਜੱਥੇ ਨੇ ਗੁਰੂ ਸ਼ਬਦ ਦਾ ਜਸ ਗਾਇਨ ਕਰਦਿਆਂ ਸਰਬੱਤ ਦੇ ਭਰਲੇ ਦੀ ਕਾਮਨਾ ਕਰਦਿਆਂ ਅਰਦਾਸ ਵੀ ਕੀਤੀ ਗਈ ਅਤੇ ਹੁਕਨਾਮੇ ਦੀ ਸੇਵਾ ਨਿਭਾਈ। ਪ੍ਰੋਗਰਾਮ ਦੌਰਾਨ ਵਿਦਿਆਰਥੀ, ਉਹਨਾਂ ਦੇ ਮਾਤਾ-ਪਿਤਾ,ਅਧਿਆਪਕ ਤੇ ਪ੍ਰਬੰਧਕ ਸ਼ਾਮਲ ਹੋਏ। ਇਸ ਮੌਕੇ ਸੰਸਥਾਵਾਂ ਦੇ ਡਾਇਰੈਕਟਰ ਜਗਦੀਸ਼ ਸਿੰਘ ਜੀ ਨੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਜੀਵਨ ਤੇ ਚਾਨਣਾ ਪਾਇਆ ਅਤੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੇ ਦੱਸੇ ਮਾਰਗ ਤੇ ਚੱਲਣ ਦੀ ਸਿੱਖਿਆ ਦਿਤੀ ਅਤੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਆਖਿਆ। ਪ੍ਰਿੰਸੀਪਲ ਡਾ. ਗੁਰਰਤਨ ਸਿੰਘ ਨੇ ਗੁਰੂ ਸਾਹਿਬ ਨਾਲ ਸਬੰਧਤ ਜੀਵਨ ਘਟਨਾਵਾਂ ਦੀ ਸਾਂਝ ਪਾਈ ਅਤੇ ਗੁਰੂ ਸਾਹਿਬ ਦੇ ਫਲਸਫੇ ਨੂੰ ਅਪਨਾਉਣ ਦੀ ਪ੍ਰੇਰਨਾ ਦਿਤੀ ਅਤੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਅੰਮ੍ਰਿਤਸਰ ਦੇ ਨਵੇਂ ਬਣੇ ਮੇਅਰ ਜਤਿੰਦਰ ਸਿੰਘ ਮੋਤੀ ਭਾਟੀਆ ਸ਼ਾਮਿਲ ਹੋਏ ਤੇ ਵਿਦਿਆਰਥੀਆਂ ਨੂੰ ਪ੍ਰੇਰਨਾ ਦਾਇਕ ਸ਼ਬਦਾਂ ਚ ਪੜ੍ਹਾਈ ਨਾਲ ਜੁੜੇ ਰਹਿਣ ਦਾ ਸ਼ੰਦੇਸ਼ ਦਿੱਤਾ, ਕੁੰਵਰ ਵਿਜੈ ਪ੍ਰਤਾਪ ਸਿੰਘ ਐਮ ਐਲ ਏ (ਨੌਰਥ), ਸਕੂਲ ਦੇ ਪੁਰਾਣੇ ਵਿਦਿਆਰਥੀ ਤੇ ਕੌਂਸਲਰ ਰਾਜਕੰਵਲ ਸਿੰਘ ਅਤੇ ਉਹਨਾਂ ਦੀ ਬੇਟੀ ਡਾ.ਸ਼ੋਭਿਤ,ਡਾ.ਨਵਦੀਪ ਕੌਰ,ਗੁਰਪ੍ਰੀਤ ਸਿੰਘ,ਪ੍ਰਿੰਸੀਪਲ ਸਵਿਤਾ ਖੰਨਾ,ਮੈਡਮ ਕੁਲਬੀਰ ਕੌਰ,ਮੈਡਮ ਅੰਜੂ ਸੂਦ,ਪ੍ਰੋ.ਐਚ.ਐਸ. ਵਾਲੀਆ,ਸਮਸ਼ੇਰ ਸਿੰਘ ਕਾਹਲੋਂ,ਡੀ.ਬੀ. ਸਿੰਘ ਅਤੇ ਵੱਖ-ਵੱਖ ਸਸਸਸ ਸੰਸਥਾਵਾਂ ਦੇ ਅਧਿਆਪਕ ਹਾਜ਼ਰ ਸਨ।

# ਧਾਰਮਿਕ ਤੇ ਸਮਾਜਿਕ ਕੰਮਾਂ ਲਈ ਟਰੱਸਟ ਹਮੇਸ਼ਾ ਰਹਿੰਦਾ ਹੈ ਤਿਆਰ ਬਰ ਤਿਆਰ-ਅਰਵਿੰਦਰ ਵੜੈਚ

ਫ਼ਗਵਾੜਾ (ਸੁਸ਼ੀਲ ਸ਼ਰਮਾ) ਰਾਸ਼ਟਰੀ ਨੌਜਵਾਨ ਸੋਸ਼ਲ ਐਂਡ ਸਪੋਰਟਸ ਸੁਸਾਇਟੀ ਦੇ ਧਾਰਮਿਕ ਯੂਨਿਟ ਏਕਨੂਰ ਸੇਵਾ ਟਰੱਸਟ (ਰਜਿ.) ਵੱਲੋਂ ਮਾਸਿਕ ਬੱਸ ਯਾਤਰਾ ਦੇ ਤਹਿਤ ਸੰਗਤਾਂ ਨੂੰ ਵੱਖ-ਵੱਖ ਧਾਰਮਿਕ ਸੰਸਥਾਵਾਂ ਦੇ ਦਰਸ਼ਨ ਕਰਵਾਏ ਗਏ। ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ ਅਕਾਲ..ਮਾਤਾ ਚਿੰਤਪੁਰਨੀ ਜੀ ਦੇ ਜੈਕਾਰਿਆਂ ਦੀ ਗੂੰਜ ਵਿੱਚ ਮਜੀਠਾ ਰੋਡ ਤੋਂ ਰਵਾਨਾ ਬੱਸ ਯਾਤਰਾ ਦੇ ਦੌਰਾਨ ਸੰਗਤਾਂ ਨੂੰ ਗੁਰਦੁਆਰਾ ਖਡੂਰ ਸਾਹਿਬ,ਗੁਰਦੁਆਰਾ ਗੋਇੰਦਵਾਲ ਸਾਹਿਬ,ਗੁਰਦੁਆਰਾ ਤਪਿਆਨਾ ਸਾਹਿਬ,ਗੁਰਦੁਆਰਾ ਬੇਰ ਸਾਹਿਬ ਸੁਲਤਾਨਪੁਰ ਲੋਧੀ, ਗੁਰਦੁਆਰਾ ਹੱਟ ਸਾਹਿਬ, ਸਮੇਤ ਨਕੋਦਰ ਦੀਆਂ ਦਰਗਾਹਾਂ ਦੇ ਦਰਸ਼ਨ ਕਰਵਾਏ ਗਏ। ਯਾਤਰਾ ਨੂੰ ਸਮਾਜ ਸੇਵਕ ਰਿਤੇਸ਼ ਸ਼ਰਮਾ ਵੱਲੋਂ ਰਵਾਨਾ ਕਰਦੇ ਹੋਏ ਸੰਗਤਾਂ ਨੂੰ ਸ਼ੁਭਕਾਮਨਾਵਾਂ ਭੇਟ ਕੀਤੀਆਂ ਗਈਆਂ। ਉਹਨਾਂ ਨੇ ਕਿਹਾ ਕਿ ਰੋਜ਼ਾਨਾ ਦੀ ਭੱਜ ਦੌੜ ਦੀ ਜ਼ਿੰਦਗੀ ਵਿੱਚੋਂ ਸਮਾਂ ਨਿਕਾਲ ਕੇ ਅਜਿਹੀਆਂ ਯਾਤਰਾ ਕਰਵਾਉਣਾ ਪੁੰਨ ਦਾ ਕੰਮ ਹੈ। ਉਨਾਂ ਵੱਲੋਂ ਟਰੱਸਟ ਵੱਲੋਂ ਕੀਤੇ ਜਾ ਰਹੇ ਸਮਾਜਸੇਵੀ ਕੰਮਾਂ ਦੀ ਸਰਾਹਣਾ ਵੀ ਕੀਤੀ ਗਈ। ਯਾਤਰਾ ਦੇ ਦੌਰਾਨ ਧਾਰਮਿਕ ਭਜਨ ਗਾਇਕ ਸੰਨੀ ਸਿੰਘ,ਜਗਦੀਸ਼ ਰਾਜ, ਲਵਲੀਨ ਵੜੈਚ,ਆਸਾਰਾਣੀ, ਬੀਬੀ ਅਵਿਨਾਸ਼ ਵੱਲੋਂ ਸ਼ਬਦ ਭਜਨ ਗਾਇਨ ਕਰਦਿਆਂ ਸੰਗਤਾਂ ਨੂੰ ਪ੍ਰਭੂ ਚਰਨਾਂ ਨਾਲ ਜੋੜਿਆ ਗਿਆ। ਸੰਸਥਾ ਦੇ ਪ੍ਰਧਾਨ ਅਰਵਿੰਦਰ ਵੜੈਚ,ਸਰਪ੍ਰਸਤ ਬਲਬੀਰ ਭਸੀਨ ਕਾਕਾ,ਚੇਅਰਮੈਨ ਡਾ.ਨਰਿੰਦਰ ਚਾਵਲਾ,ਸੀਨੀਅਰ ਉਪ ਪ੍ਰਧਾਨ ਜਤਿੰਦਰ ਅਰੋੜਾ,ਉਪ ਚੇਅਰਮੈਨ ਰਾਜੇਸ਼ ਸਿੰਘ ਜੋੜਾ ਨੇ ਕਿਹਾ ਕਿ ਪਿਛਲੇ 13 ਸਾਲਾਂ ਤੋਂ ਸੰਗਤਾਂ ਨੂੰ ਸੈਂਕੜੇ ਵੱਖ-ਵੱਖ ਮੰਦਰਾਂ ਗੁਰਦੁਆਰਿਆਂ ਸਮੇਤ ਧਾਰਮਿਕ ਸੰਸਥਾਵਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ। ਹਰ ਮਹੀਨੇ ਜਾਣ ਵਾਲੀ ਬੱਸ ਯਾਤਰਾ ਦੇ ਵਿੱਚ ਸੰਗਤਾਂ ਦਾ ਭਾਰੀ ਉਤਸਾਹ ਦੇਖਣ ਨੂੰ ਮਿਲਦਾ ਹੈ। ਜਿਨਾਂ ਦੇ ਸਤਿਕਾਰ ਅਤੇ ਪਿਆਰ ਦੇ ਸਦਕਾ ਯਾਤਰਾ ਚਲਦੀ ਜਾ ਰਹੀ ਹੈ। ਇਸ ਤੋਂ ਇਲਾਵਾ ਟਰੱਸਟ ਵੱਲੋਂ ਹਰ ਪ੍ਰਕਾਰ ਦੇ ਸਮਾਜਸੇਵੀ ਕੰਮਾਂ ਵਿੱਚ ਯੋਗਦਾਨ ਅਦਾ ਕਰਨ ਲਈ ਕਦੀ ਵੀ ਪਿੱਛੇ ਨਹੀਂ ਹਟਿਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਸਾਡਾ ਟਰੱਸਟ ਹਮੇਸ਼ਾ ਧਾਰਮਿਕ ਸਮਾਜਿਕ ਕੰਮਾਂ ਲਈ ਤਿਆਰ ਬਰ ਤਿਆਰ ਰਹਿੰਦਾ ਹੈ।

ਉਨਾ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਸ਼ਿਵਰਾਤਰੀ ਦਾ ਤਿਓਹਾਰ ਵੀ ਪੂਰੀ ਸ਼ਰਧਾ ਅਤੇ ਉਤਸਾਹ ਦੇ ਨਾਲ ਮਨਾਇਆ ਜਾਵੇਗਾ। ਜਿਸ ਦੌਰਾਨ ਲਗਾਤਾਰ ਤਿੰਨ ਦਿਨ ਸ਼ਿਵ ਭੋਲੇ ਨਾਥ ਦੇ ਨਾਮ ਦਾ ਸਿਮਰਨ (ਲੇਡੀਜ ਸੰਗੀਤ), ਦੂਸਰੇ ਦਿਨ ਵਿਸ਼ਾਲ ਜਾਗੋ ਤੋਂ ਇਲਾਵਾ ਅਗਲੇ ਦਿਨ ਵਿਸ਼ਾਲ ਲੰਗਰ ਭੰਡਾਰਾ ਲਗਾਉਂਦੇ ਹੋਏ ਸ਼ਿਵ ਭਜਨ ਸੰਧਿਆ ਦਾ ਆਯੋਜਨ ਕੀਤਾ ਜਾ ਰਿਹਾ ਹੈ। ਜਿਸ ਦੌਰਾਨ ਮਸ਼ਹੂਰ ਜਾਗਰਨ ਤੇ ਸੂਫੀ ਗਾਇਕ ਸਮੇਤ ਧਾਰਮਿਕ ਪ੍ਰੋਗਰਾਮ ਪੇਸ਼ ਕਰਨ ਵਾਲੇ ਕਲਾਕਾਰ ਵੱਧ ਚੜ ਕੇ ਹਾਜਰੀਆਂ ਭਰਨਗੇ। ਯਾਤਰਾ ਦੇ ਦੌਰਾਨ ਪਵਿੱਤਰਜੋਤ ਵੜੈਚ, ਸੀਮਾ ਸ਼ਰਮਾ,ਗੁਰਪ੍ਰੀਤ ਕੌਰ ਗੋਪੀ,ਇੰਦਰਾ ਰਾਣੀ,ਸਵਰਨ ਕੌਰ,ਬਬੀਤਾ,ਪ੍ਰਾਚੀ,ਜੋਤੀ ਧਾਨਿਕ,ਮੰਗੂ ਢੋਲੀ,ਰਣਜੀਤ, ਧੀਰਜ ਮਲਹੋਤਰਾ,ਰਾਮ ਸਿੰਘ ਪੰਆਰ,ਜਤਿਨ ਨੰਨੂ,ਰੰਜਨ ਸ਼ਰਮਾ,ਹਰਮਿੰਦਰ ਸਿੰਘ ਉਪਲ,ਅਮਨ ਭਨੋਟ,ਸੰਦੀਪ ਸ਼ਰਮਾ,ਰਜਿੰਦਰ ਸਰਮਾਂ,ਕਮਲ ਸ਼ਰਮਾ,ਲਲਿਤ ਮਲਹੋਤਰਾ,ਵਿਨੇ ਅਰੋੜਾ, ਰਮੇਸ਼ ਚੋਪੜਾ,ਵਿਕਾਸ ਭਾਸਕਰ,ਮੋਨੂ ਸ਼ਰਮਾ ਵੀ ਹਾਜ਼ਰ ਸਨ



# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਲੱਖਪੁਰ ਵਿਖੇ ਕਰਵਾਈ ਅਧਿਆਪਕ-ਮਾਪੇ ਮਿਲਣੀ

ਫਗਵਾੜਾ ( ਸੁਸ਼ੀਲ ਸ਼ਰਮਾ ) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਲੱਖਪੁਰ ਤਹਿਸੀਲ ਫਗਵਾੜਾ ਵਿਖੇ ਸਕੂਲ ਦੀ ਕਾਰਜਕਾਰੀ ਪ੍ਰਿੰਸੀਪਲ ਇੰਦਰਜੀਤ ਕੌਰ ਖਾਟੀ ਦੀ ਅਗਵਾਈ ਹੇਠ ਅਧਿਆਪਕ-ਮਾਪੇ ਮਿਲਣੀ ਕਰਵਾਈ ਗਈ। ਇਸ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਨੇ ਅਧਿਆਪਕਾਂ ਤੋਂ ਆਪਣੇ ਬੱਚਿਆਂ ਦੀ ਕਾਰਗੁਜਾਰੀ ਦੀ ਜਾਣਕਾਰੀ ਲਈ। ਅਧਿਆਪਕਾਂ ਨੇ ਤਿਮਾਹੀ ਪ੍ਰੀਖਿਆ ਵਿਚ ਅੱਵਲ ਆਉਣ ਵਾਲੇ ਵਿਦਿਆਰਥੀਆਂ ਨੂੰ ਹੋਰ ਮਿਹਨਤ ਕਰਨ ਲਈ ਪ੍ਰੇਰਿਆ ਅਤੇ ਕਿਹਾ ਕਿ ਵਿਦਿਆਰਥੀਆਂ ਦੀ ਭਲਾਈ ਲਈ ਮਾਪਿਆਂ ਦੇ ਨਾਲ ਤਾਲਮੇਲ ਬਣਿਆ ਰਹਿਣਾ ਚਾਹੀਦਾ ਹੈ ਤਾਂ ਜੋ ਵਿਦਿਆਰਥੀਆਂ ਦੀਆਂ ਕਮੀਆਂ ਨੂੰ ਸੁਧਾਰਿਆ ਜਾ ਸਕੇ। ਮਾਪਿਆਂ ਵਲੋਂ ਅਧਿਆਪਕਾਂ ਦੀ ਮਿਹਨਤ ਪ੍ਰਤੀ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਸਕੂਲ ਦੀ ਨਵੀਂ ਇਮਾਰਤ ਸਮੇਤ ਸਰਕਾਰ ਵਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਕੈਂਪ ਮੈਨੇਜਰ ਸਰਬਜੀਤ ਸਿੰਘ ਨੇ ਸਿੱਖਿਆ ਵਿਭਾਗ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਧਿਆਪਕ-ਮਾਪੇ ਮਿਲਣੀ ਹੁੰਦੀ ਰਹਿਣੀ ਚਾਹੀਦੀ ਹੈ। ਉਹਨਾਂ ਸਮੂਹ ਮਾਪਿਆਂ ਨੂੰ ਪੁਰਜੋਰ ਅਪੀਲ ਕੀਤੀ ਕਿ ਉਹ ਹੋਰਨਾਂ ਲੋਕਾਂ ਨੂੰ ਵੀ ਆਪਣੇ ਬੱਚੇ ਸਰਕਾਰੀ ਸਕੂਲਾਂ ਵਿਚ ਦਾਖਲ ਕਰਵਾਉਣ ਲਈ ਪ੍ਰੇਰਿਤ ਕਰਨ ਤਾਂ ਜੋ ਵੱਧ ਤੋਂ ਵੱਧ ਵਿਦਿਆਰਥੀਆਂ ਤੱਕ ਸਰਕਾਰੀ ਸਹੂਲਤਾਂ ਦਾ ਲਾਭ ਪਹੁੰਚਾਇਆ ਜਾ ਸਕੇ। ਇਸ ਮੌਕੇ ਲੈਕਚਰਾਰ ਜਸਬੀਰ ਸਿੰਘ, ਸਤਵਿੰਦਰ ਸਿੰਘ, ਸੁਖਜਿੰਦਰ ਸਿੰਘ, ਹਰਪ੍ਰੀਤ ਕੌਰ, ਨਜਮਾ, ਦਿਲਪ੍ਰੀਤ ਕੌਰ, ਸੁਖਵੰਤ ਸਿੰਘ ਕਲਰਕ, ਸ਼ਰੂਤੀ ਪਾਠਕ, ਜਗਦੇਵ ਸਿੰਘ ਚੀਮਾ, ਸੁਰਿੰਦਰ ਸੰਧੂ, ਰਾਜੀਵ ਸ਼ਰਮਾ, ਸੁਰਿੰਦਰ ਕੁਮਾਰ, ਰਣਜੀਤ ਸਿੰਘ, ਬਿੰਦੀਆ ਸੰਧੂ, ਸਰਬਜੀਤ ਸਿੰਘ, ਬਾਲ ਕ੍ਰਿਸ਼ਨ ਨਾਗਲਾ, ਪ੍ਰਦੀਪ ਸਿੰਘ, ਮੇਹਰ ਚੰਦ, ਬਲਜੀਤ ਕੌਰ, ਭੋਲੀ, ਮੇਜਰ ਸਿੰਘ, ਤਜਿੰਦਰ ਕੌਰ, ਮੋਨਿਕਾ ਰਾਣੀ, ਪੂਨਮ, ਕੁਲਵਿੰਦਰ ਕੌਰ, ਲਖਵਿੰਦਰ ਕੌਰ, ਸੁਰਿੰਦਰ ਕੌਰ, ਸੀਮਾ ਰਾਣੀ, ਸੋਨੀਆ, ਜਸਵਿੰਦਰ ਕੌਰ, ਰਮਨਦੀਪ ਆਦਿ ਹਾਜ਼ਰ ਸਨ।



# ਕਾਨਪੁਰ ਚ ਨਾਬਾਲਗ ਲੜਕੀ ਦਾ ਗਲਾ ਘੁੱਟ ਕੇ ਕਤਲ, ਕਾਤਲ ਗ੍ਰਿਫਤਾਰ



ਕਾਨਪੁਰ (ਸੁਨੀਲ ਬਾਜਪਾਈ ) ਮਹਾਰਾਜਪੁਰ ਥਾਣਾ ਖੇਤਰ ਚ ਇਕ ਨਾਬਾਲਗ ਲੜਕੀ ਦੀ ਹੱਤਿਆ ਦਾ ਮਾਮਲਾ ਸਾਹਮਣੇ ਆਇਆ ਹੈ। ਫੜੇ ਗਏ ਕਾਤਲ ਨੇ ਪੁਲਸ ਨੂੰ ਦੱਸਿਆ ਕਿ ਉਸ ਨੇ ਪਹਿਲਾਂ ਲੜਕੀ ਨੂੰ ਜ਼ਮੀਨ ਤੇ ਸੁੱਟ ਦਿੱਤਾ ਅਤੇ ਫਿਰ ਉਸ ਦਾ ਗਲਾ ਘੁੱਟ ਕੇ ਹੱਤਿਆ ਕਰ ਦਿੱਤੀ।

ਅੱਜ ਬੁੱਧਵਾਰ ਨੂੰ ਇਸ ਘਟਨਾ ਦਾ ਖੁਲਾਸਾ ਕਰਦੇ ਹੋਏ ਡੀਸੀਪੀ ਈਸਟ ਸ਼ਰਵਣ ਕੁਮਾਰ ਯਾਦਵ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਇਹ ਲੜਕੀ ਮਹਾਰਾਜਪੁਰ ਦੇ ਸਿਕਥੀਆ ਤੋਂ ਲਾਪਤਾ ਹੋ ਗਈ ਸੀ।

ਸਰਸੌਲ ਆਰ.ਓ.ਬੀ. ਨੇੜਿਓਂ ਉਕਤ ਦੋਸ਼ੀ ਦੀ ਗ੍ਰਿਫਤਾਰੀ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਕਤ ਦੋਸ਼ੀ ਨਾਬਾਲਗ ਲੜਕੀ ਨੂੰ ਨਸ਼ੇ ਦੀ ਹਾਲਤ ਚ ਕਬੂਤਰਾਂ ਦੇ ਖੇਤ ਚ ਲੈ ਗਿਆ ਅਤੇ ਉਸ ਦੇ ਵਿਰੋਧ ਤੇ ਉਸ ਦਾ ਗਲਾ ਘੁੱਟ ਕੇ ਹੱਤਿਆ ਕਰ ਦਿੱਤੀ, ਡੀਸੀਪੀ ਪੂਰਬੀ ਸ਼ਰਵਣ ਕੁਮਾਰ ਯਾਦਵ ਨੇ ਦੱਸਿਆ ਕਿ ਮਹਾਰਾਜਪੁਰ ਦੇ ਪਿੰਡ ਸਿੱਖਤੀਆ ਦੀ ਰਹਿਣ ਵਾਲੀ ਪੀੜਤ ਲੜਕੀ ਨੇ 1-5 ਜਨਵਰੀ ਦੀ ਰਾਤ ਨੂੰ ਮਹਾਰਾਜਪੁਰ ਪੁਲਸ ਨੂੰ ਸੂਚਨਾ ਦਿੱਤੀ ਸੀ ਕਿ ਉਹ ਘਰੋਂ ਗਈ ਸੀ ✣✡ ਇੱਕ ਬੱਕਰੀ ਦੀ ਭਾਲ ਲਈ, ਜੋ ਵਾਪਸ ਨਹੀਂ ਆਈ। ਕਾਫੀ ਭਾਲ ਤੋਂ ਬਾਅਦ ਵੀ ਕੁਝ ਨਹੀਂ ਮਿਲਿਆ। ਪੀੜਤਾ ਦੀ ਸ਼ਿਕਾਇਤ ਦੇ ਆਧਾਰ ਤੇ ਮਾਮਲਾ ਦਰਜ ਕਰ ਲਿਆ ਗਿਆ ਹੈ।

ਪੁਲੀਸ ਅਨੁਸਾਰ ਉਸ ਦੀ ਲਾਸ਼ 30 ਜਨਵਰੀ ਨੂੰ ਸਵੇਰੇ 8.30 ਵਜੇ ਲਕਸ ਭੱਠੇ ਦੇ ਸਾਹਮਣੇ ਕਬੂਤਰਾਂ ਦੇ ਖੇਤ ਵਿੱਚ ਪਈ ਮਿਲੀ ਸੀ। ਉਸ ਦੇ ਸਰੀਰ ਤੇ ਸੱਟਾਂ ਦੇ ਕਈ ਨਿਸ਼ਾਨ ਸਨ। ਡੀਸੀਪੀ ਨੇ ਦੱਸਿਆ ਕਿ ਪਰਿਵਾਰਕ ਮੈਂਬਰਾਂ ਦੇ ਸ਼ੱਕ ਦੇ ਆਧਾਰ 'ਤੇ ਕੁਝ ਲੋਕਾਂ ਨੂੰ ਹਿਰਾਸਤ ਵਿੱਚ ਲੈ ਕੇ ਪੁੱਛਗਿੱਛ ਕੀਤੀ ਗਈ। ਇਸ ਚ ਦੋਸ਼ੀ ਉਦੈਭਾਨ (24) ਵਾਸੀ ਸਿਕਥੀਆ ਦਾ ਨਾਂ ਸਾਹਮਣੇ ਆਇਆ, ਜਿਸ ਨੂੰ ਮਹਾਰਾਜਪੁਰ ਪੁਲਸ ਨੇ ਸਰਸੌਲ ਆਰ.ਓ.ਬੀ.

ਪੁਲਸ ਪੁੱਛਗਿੱਛ ਦੌਰਾਨ ਦੋਸ਼ੀ ਨੇ ਦੱਸਿਆ ਕਿ ਘਟਨਾ ਵਾਲੇ ਦਿਨ ਉਹ ਪੀੜਤਾ ਦੇ ਘਰ ਦੇ ਸਾਹਮਣੇ ਗੁੱਲੀ ਡੰਡਾ ਖੇਡ ਰਿਹਾ ਸੀ। ਇਸ ਦੌਰਾਨ ਉਸ ਨੇ ਆਪਣੀ ਬੇਟੀ ਨੂੰ ਬੱਕਰੀ ਦੀ ਭਾਲ ਚ ਜਾਂਦੇ ਦੇਖਿਆ। ਇਸ ਦੌਰਾਨ ਉਹ ਸ਼ਰਾਬ ਦੇ ਨਸ਼ੇ ਚ ਹੋ ਗਿਆ ਤਾਂ ਬੁਰੀ ਨੀਅਤ ਨਾਲ ਉਸ ਨੂੰ ਬੱਕਰੀ ਲੱਭਣ ਦੇ ਬਹਾਨੇ ਲੱਕਸ ਇੱਟਾਂ ਦੇ ਭੱਠੇ ਦੇ ਸਾਹਮਣੇ ਕਬੂਤਰਾਂ ਦੇ ਖੇਤ ਚ ਲੈ ਗਿਆ। ਉਸ ਦੇ ਰੌਲਾ ਪਾਉਣ ਅਤੇ ਘਰ ਵਿਚ ਸ਼ਿਕਾਇਤ ਦੀ ਧਮਕੀ ਦੇਣ ਕਾਰਨ ਫੜੇ ਜਾਣ ਦਾ ਖਿਆਲ ਆ ਗਿਆ। ਫਿਰ ਗੁੱਸੇ ਵਿਚ ਉਸ ਨੇ ਇਸ ਨੂੰ ਚੁੱਕ ਕੇ ਸੁੱਟ ਦਿੱਤਾ। ਇਸ ਤੋਂ ਬਾਅਦ ਉਸ ਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ ਗਿਆ।

# ਪੁਰਾਣੀ ਪੈਨਸ਼ਨ ਬਹਾਲੀ ਤੱਕ ਸੰਘਰਸ਼ ਜਾਰੀ ਰਹੇਗਾ-ਬਾਸੀ, ਕਰਨੈਲ ਫਿਲੌਰ,ਸੁਖਵਿੰਦਰ ਰਾਮ



ਫ਼ਗਵਾੜਾ-ਗੁਰਾਇਆ (ਸੁਸ਼ੀਲ ਸ਼ਰਮਾ) ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਦੇ ਸੱਦੇ ਤੇ ਅੱਜ ਗੁਰਾਇਆ ਵਿਖੇ ਗੌਰਮਿੰਟ ਟੀਚਰਜ਼ ਯੂਨੀਅਨ ਦੇ ਬਲਾਕ ਪ੍ਰਧਾਨ ਸੁਖਵਿੰਦਰ ਰਾਮ ਦੀ ਅਗਵਾਈ ਹੇਠ ਯੂ.ਪੀ.ਐਸ. ਦੇ ਨੋਟੀਫਕੇਸ਼ਨ ਦੀਆਂ ਕਾਪੀਆਂ ਸਾੜ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਸਮੇਂ ਗੌਰਮਿੰਟ ਟੀਚਰਜ ਯੂਨੀਅਨ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਕਰਨੈਲ ਫਿਲੌਰ ਨੇ ਕਿਹਾ ਕਿ ਐਨ.ਪੀ.ਐਸ.ਅਤੇ ਯੂ.ਪੀ.ਐਸ. ਸਾਰੇ ਮੁਲਾਜ਼ਮਾਂ ਨਾਲ ਬਹੁਤ ਵੱਡਾ ਧੋਖਾ ਹੈ। ਜਦੋਂ ਤੱਕ ਪੁਰਾਣੀ ਪੈਨਸ਼ਨ ਬਹਾਲ ਨਹੀਂ ਹੋ ਜਾਂਦੀ ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ। ਇਸ ਮੌਕੇ ਪ.ਸ.ਸ.ਫ.ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਯੂ.ਪੀ.ਐਸ.ਸਕੀਮ ਪਹਿਲੀ ਐਨ.ਪੀ.ਐਸ.ਨਾਲੋਂ ਵੀ ਵੱਧ ਖਤਰਨਾਕ ਹੈ। ਇਸ ਸਕੀਮ ਅਨੁਸਾਰ ਮੁਲਾਜ਼ਮਾਂ ਨੂੰ ਰਿਟਾਇਰਮੈਂਟ ਤੋਂ ਬਾਅਦ ਖਾਲੀ ਹੱਥ ਘਰਾਂ ਨੂੰ ਜਾਣਾ ਪਵੇਗਾ। ਉਹਨਾਂ ਕਿਹਾ ਕਿ ਸਰਕਾਰ 1972 ਦੇ ਨਿਯਮਾਂ ਅਨੁਸਾਰ ਪੁਰਾਣੀ ਪੈਨਸ਼ਨ ਬਹਾਲ ਕਰਕੇ ਮੁਲਾਜ਼ਮਾਂ ਦੇ ਬੁਢਾਪੇ ਦੀ ਡੰਗੋਰੀ ਨੂੰ ਸੁਰੱਖਿਅਤ ਕਰੇ। ਇਸ ਮੌਕੇ ਧਰਮਿੰਦਰ ਕੁਮਾਰ,ਰਣਜੀਤ ਸਿੰਘ,ਅਮਨਦੀਪ ਸਿੰਘ,ਹਰੀਪਾਲ,ਕੁਲਦੀਪ ਸਿੰਘ ਕੌੜਾ,ਸੀਤਲ ਰਾਮ ਬੰਗਾ,ਰਵੀ ਗੋਇਲ,ਵਿਜੇ ਕੁਮਾਰ, ਪਰਵਿੰਦਰ ਕੁਮਾਰ,ਰੌਸ਼ਨ ਲਾਲ,ਹਰਦੀਪ ਕੁਮਾਰ,ਰਤਨ ਸਿੰਘ, ਬੂਟਾ ਰਾਮ,ਪਰਮਜੀਤ ਕੌਰ,ਸੀਮਾ ਰਾਣੀ,ਹਰਪ੍ਰੀਤ ਕੌਰ,ਸਤਜੀਤ ਕੌਰ ਆਦਿ ਹਾਜ਼ਰ ਸਨ।

# ਵਪਾਰ ਦੇ ਰੁਝਾਨ: ਬਸਤੀਵਾਦੀ ਪੰਜਾਬ ਵਿੱਚ ਸੰਯੁਕਤ-ਸਟਾਕ ਕੰਪਨੀਆਂ ਦਾ ਇਤਿਹਾਸ ਵਿਸ਼ੇ ਤੇ ਸੈਮੀਨਾਰ SCD ਸਰਕਾਰੀ ਕਾਲਜ, ਲੁਧਿਆਣਾ ਵਿਖੇ ਆਯੋਜਿਤ ਕੀਤਾ ਗਿਆ।

ਲੁਧਿਆਣਾ ,( ਸੁਖਚੈਨ ਮਹਿਰਾ)ਵਪਾਰ ਦੇ ਰੁਝਾਨ: ਬਸਤੀਵਾਦੀ ਪੰਜਾਬ ਵਿੱਚ ਸਾਂਝੀਆਂ-ਸਟਾਕ ਕੰਪਨੀਆਂ ਦਾ ਇਤਿਹਾਸ ਵਿਸ਼ੇ ਤੇ ਇੱਕ ਰੋਜ਼ਾ ਸੈਮੀਨਾਰ ਦਾ ਆਯੋਜਨ ਕੀਤਾ। ਇਹ ਸਮਾਗਮ ਕਾਲਜ ਪਿ੍ਸੀਪਲ ਪ੍ਰੋ: ਸੁਮਨ ਲਤਾ ਦੀ ਸਰਪ੍ਰਸਤੀ ਹੇਠ ਕਰਵਾਇਆ ਗਿਆ ।



ਪ੍ਰੋ: ਨਿਤੀਸ਼ ਸਚਦੇਵਾ, ਸਾਹਿਬਜ਼ਾਦਾ ਜ਼ੋਰਾਵਰ ਸਿੰਘ ਸਰਕਾਰੀ ਕਾਲਜ ਰਾਏਕੋਟ ਨੇ ਸੈਮੀਨਾਰ ਲਈ ਰਿਸੋਰਸ ਪਰਸਨ ਵੱਜੋਂ ਸੇਵਾ ਨਿਭਾਈ। ਪ੍ਰੋ: ਪਰਮਜੀਤ ਸਿੰਘ (ਮੁਖੀ, ਇਤਿਹਾਸ ਵਿਭਾਗ) ਨੇ ਹੋਰ ਫੈਕਲਟੀ ਮੈਂਬਰਾਂ ਨਾਲ ਰਿਸੋਰਸ ਪਰਸਨ ਦਾ ਸਵਾਗਤ ਕੀਤਾ। ਪ੍ਰੋ: ਸੀਮਾ ਸਿੰਘਾਨੀਆ ਨੇ ਰਿਸੋਰਸ ਪਰਸਨ ਦੀ ਜਾਣ-ਪਛਾਣ ਕਰਾਈ, ਉਹਨਾਂ ਦੇ ਵਿਲੱਖਣ ਅਕਾਦਮਿਕ ਪ੍ਰਮਾਣਾਂ ਨੂੰ ਉਜਾਗਰ ਕੀਤਾ।

ਪ੍ਰੋ: ਨਿਤੀਸ਼ ਸਚਦੇਵਾ ਨੇ ਆਰਥਿਕ ਇਤਿਹਾਸ ਦੇ ਇਸ ਮਹੱਤਵਪੂਰਨ ਦੌਰ ਤੇ ਚਾਨਣਾ ਪਾਉਂਦਿਆਂ ਵਪਾਰ ਦੇ ਰੁਝਾਨ: ਬਸਤੀਵਾਦੀ ਪੰਜਾਬ ਵਿੱਚ ਸੰਯੁਕਤ-ਸਟਾਕ ਕੰਪਨੀਆਂ ਦਾ ਇਤਿਹਾਸ ਵਿਸ਼ੇ ਤੇ ਗੱਲਬਾਤ ਕੀਤੀ। ਸੈਮੀਨਾਰ ਨੇ ਬਸਤੀਵਾਦੀ ਪੰਜਾਬ ਵਿੱਚ ਸੰਯੁਕਤ-ਸਟਾਕ ਕੰਪਨੀਆਂ ਦੇ ਵੱਖ-ਵੱਖ ਪਹਿਲੂਆਂ ਤੇ ਡੂੰਘਾਈ ਨਾਲ ਵਿਚਾਰ ਵਟਾਂਦਰੇ ਲਈ ਇੱਕ ਪਲੇਟਫਾਰਮ ਪ੍ਰਦਾਨ ਕੀਤਾ। ਭਾਗੀਦਾਰਾਂ ਨੇ ਉਹਨਾਂ ਦੇ ਗਠਨ, ਸੰਚਾਲਨ ਦੀਆਂ ਰਣਨੀਤੀਆਂ, ਸਥਾਨਕ ਆਰਥਿਕਤਾ ਤੇ ਪ੍ਰਭਾਵ, ਅਤੇ ਬਸਤੀਵਾਦੀ ਪ੍ਰਸ਼ਾਸਨ ਨਾਲ ਉਹਨਾਂ ਦੇ ਗੁੰਝਲਦਾਰ ਸਬੰਧਾਂ ਦੀ ਪੜਚੋਲ ਕੀਤੀ। ਵਿਚਾਰ-ਵਟਾਂਦਰੇ ਨੇ ਸਮਾਜਿਕ, ਆਰਥਿਕ ਅਤੇ ਰਾਜਨੀਤਿਕ ਕਾਰਕਾਂ ਨੂੰ ਵੀ ਸੰਬੋਧਿਤ ਕੀਤਾ ਜਿਨ੍ਹਾਂ ਨੇ ਇਹਨਾਂ ਕੰਪਨੀਆਂ ਦੇ ਵਿਕਾਸ ਨੂੰ ਆਕਾਰ ਦਿੱਤਾ ਅਤੇ ਖੇਤਰ ਦੇ ਵਪਾਰਕ ਲੈਂਡਸਕੇਪ ਨੂੰ ਮੁੜ ਆਕਾਰ ਦੇਣ ਵਿੱਚ ਉਹਨਾਂ ਦੀ ਭੂਮਿਕਾ ਨੂੰ ਆਕਾਰ ਦਿੱਤਾ।

ਇਸ ਸਮਾਗਮ ਨੇ ਇਤਿਹਾਸਕਾਰਾਂ, ਖੋਜਕਰਤਾਵਾਂ, ਅਕਾਦਮਿਕ ਅਤੇ ਵਿਦਿਆਰਥੀਆਂ ਨੂੰ ਪੰਜਾਬ ਦੇ ਇਤਿਹਾਸ ਦੇ ਇਸ ਪਰਿਵਰਤਨਸ਼ੀਲ ਦੌਰ ਦੌਰਾਨ ਸਾਂਝੇ-ਸਟਾਕ ਕੰਪਨੀਆਂ ਦੇ ਵਿਕਾਸ ਅਤੇ ਪ੍ਰਭਾਵਾਂ ਦੀ ਜਾਂਚ ਕਰਨ ਲਈ ਇਕੱਠੇ ਕੀਤਾ। ਭਾਸ਼ਣ ਵਿੱਚ 120 ਤੋਂ ਵੱਧ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ, ਸਪੀਕਰ ਦੀ ਸੂਝ ਭਰਪੂਰ ਪੇਸ਼ਕਾਰੀ ਨੂੰ ਧਿਆਨ ਨਾਲ ਸੁਣਿਆ ।

ਸੈਮੀਨਾਰ ਦੀ ਸਮਾਪਤੀ ਤੇ ਵਿਭਾਗ ਦੇ ਮੁਖੀ ਪ੍ਰੋ: ਪਰਮਜੀਤ ਸਿੰਘ ਨੇ ਮਹਿਮਾਨ ਬੁਲਾਰੇ ਪ੍ਰੋ: ਨਿਤੀਸ਼ ਸਚਦੇਵਾ ਦਾ ਹਾਜ਼ਰੀਨ ਨਾਲ ਆਪਣੀ ਮੁਹਾਰਤ ਸਾਂਝੀ ਕਰਨ ਲਈ ਧੰਨਵਾਦ ਕੀਤਾ । ਸੈਮੀਨਾਰ ਨੂੰ ਪ੍ਰੋ: ਪਰਮਜੀਤ ਸਿੰਘ (ਇੰਚਾਰਜ ਈਵਨਿੰਗ ਕਾਲਜ), ਪ੍ਰੋ: ਹਰਵਿੰਦਰ ਸਿੰਘ ਜੋਸ਼ੀ (ਰਾਏਕੋਟ ਤੋਂ) ਪ੍ਰੋ: ਅਰੁਣ ਅਰੋੜਾ, ਪ੍ਰੋ: ਨਰਪਿੰਦਰ ਸਿੰਘ ਨਾਗਰਾ, ਪ੍ਰੋ: ਅਮਨਦੀਪ ਸਿੰਘ, ਪ੍ਰੋ: ਅਸ਼ਮਨੀ ਸਿੰਗਲਾ ਸਮੇਤ ਮਾਣਯੋਗ ਫੈਕਲਟੀ ਮੈਂਬਰਾਂ ਦਾ ਭਰਪੂਰ ਸਹਿਯੋਗ ਰਿਹਾ। ਇਸ ਮੌਕੇ ਪ੍ਰੋ.ਸੁਨੀਤਾ ਅਤੇ ਪ੍ਰੋ.ਪਰਵਿੰਦਰ ਕੁਮਾਰ ਸ਼ਾਮਿਲ ਸਨ।

# 14 ਫਰਵਰੀ ਤੋਂ ਸ਼ੁਰੂ ਹੋਵੇਗਾ ਖੇਤਰੀ ਸਾਰਸ ਮੇਲਾ-ਵਧੀਕ ਡਿਪਟੀ ਕਮਿਸ਼ਨਰ




ਫ਼ਗਵਾੜਾ (ਸੁਸ਼ੀਲ ਸ਼ਰਮਾ) ਕੇਂਦਰ ਅਤੇ ਪੰਜਾਬ ਸਰਕਾਰ ਦੇ ਸਹਿਯੋਗ ਨਾਲ 14 ਫਰਵਰੀ ਤੋਂ 23 ਫਰਵਰੀ 2025 ਤੱਕ ਖੇਤਰੀ ਸਾਰਸ ਮੇਲਾ ਦੁਸ਼ਹਿਰਾ ਗਰਾਉਂਡ ਰਣਜੀਤ ਐਵੀਨਿਊ ਵਿਖੇ ਲਗਾਇਆ ਜਾ ਰਿਹਾ ਹੈ। ਜਿਸ ਵਿੱਚ ਦੇਸ਼ ਭਰ ਤੋਂ ਕਾਰੀਗਰ ਆਪਣੀ ਦਸਤਕਾਰੀ ਹੁਨਰ ਦਾ ਪ੍ਰਦਰਸ਼ਨ ਕਰਨਗੇ ਅਤੇ 300 ਤੋਂ ਵੱਧ ਸਟਾਲ ਲਗਾਏ ਜਾਣਗੇ। ਖੇਤਰੀ ਸਾਰਸ ਮੇਲੇ ਦੀਆਂ ਤਿਆਰੀਆਂ ਸਬੰਧੀ ਮੀਟਿੰਗ ਕਰਦੇ ਹੋਏ ਸ੍ਰੀਮਤੀ ਪਰਮਜੀਤ ਕੌਰ ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ ਨੇ ਦੱਸਿਆ ਕਿ ਇਸ ਮੇਲੇ ਵਿੱਚ ਦੇਸ਼ ਭਰ ਤੋਂ ਕਾਰੀਗਰ ਅਤੇ ਸੈਲਫ ਹੈਲਪ ਗਰੁੱਪ ਆਪਣੇ ਹੱਥਾਂ ਦੁਆਰਾ ਤਿਆਰ ਕੀਤੇ ਗਏ ਉਤਪਾਦਾਂ ਦੀ ਪ੍ਰਦਰਸ਼ਨੀ ਲਗਾਉਣਗੇ। ਉਨਾਂ ਦੱਸਿਆ ਕਿ ਇਸ ਮੇਲੇ ਵਿੱਚ ਵੱਖ ਵੱਖ ਰਾਜਾਂ ਦੇ ਲੋਕ ਆਪਣੇ ਖਾਣ ਪੀਣ ਦੇ ਸਟਾਲ ਵੀ ਲਗਾਉਣਗੇ, ਜਿਸਦਾ ਕਿ ਅੰਮ੍ਰਿਤਸਰ ਵਾਸੀ ਲੁਫ਼ਤ ਲੈ ਸਕਣਗੇ ।ਉਨਾਂ ਦੱਸਿਆ ਕਿ ਇਸ ਮੇਲੇ ਦਾ ਮੁੱਖ ਮਕਸਦ ਦੇਸ਼ ਭਰ ਦੇ ਛੋਟੇ ਕਾਰੀਗਰਾਂ ਨੂੰ ਆਪਣੀਆਂ ਵਸਤਾਂ ਵੇਚਣ ਲਈ ਉਤਸ਼ਾਹਿਤ ਕਰਨਾ ਹੈ ਅਤੇ ਉਨਾਂ ਦਾ ਜੀਵਨ ਪੱਧਰ ਨੂੰ ਉੱਚਾ ਚੁੱਕਣਾ ਹੈ।

ਉਨ੍ਹਾਂ ਦੱਸਿਆ ਕਿ ਇਸ ਮੇਲੇ ਵਿੱਚ 300 ਤੋਂ ਵੱਧ ਸਟਾਲ ਲਗਾਏ ਜਾਣਗੇ ਜਿਸ ਵਿਚੋਂ 200 ਸਟਾਲ ਦੂਜੇ ਰਾਜਾਂ ਦੇ ਕਾਰੀਗਰਾਂ ਨੂੰ ਅਤੇ 100 ਸਟਾਲ ਪੰਜਾਬ ਦੇ ਸੈਲਫ ਹੈਲਪ ਗਰੁੱਪਾਂ ਨੂੰ ਦਿੱਤੇ ਜਾਣਗੇ।

ਇਸ ਮੀਟਿੰਗ ਵਿੱਚ ਜੈ ਇੰਦਰ ਸਿੰਘ ਜਾਇੰਟ ਕਮਿਸ਼ਨਰ ਨਗਰ ਨਿਗਮ,ਸੰਦੀਪ ਮਲਹੋਰਤਾ ਜਿਲਾ ਵਿਕਾਸ ਤੇ ਪੰਚਾਇਤ ਅਫ਼ਸਰ,ਪਲਵ ਸ੍ਰੇਸ਼ਟਾ ਜਿਲ੍ਹਾ ਸਮਾਜਿਕ ਨਿਆ ਅਧਿਕਾਰਤਾ ਅਫਸਰ, ਸੈਮਸਨ ਮਸੀਹ ਸਕੱਤਰ ਰੈਡ ਕਰਾਸ ਸੁਸਾਇਟੀ, ਪ੍ਰਭਬੀਰ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਫਰਜ਼ੀ ਕਾਗਜ਼ ਤਿਆਰ ਕਰਕੇ ਦੋਪਹੀਆ ਵਾਹਨ ਤੇ ਲੋਨ ਕਰਨ ਵਾਲੇ 4 ਚੜ੍ਹੇ ਪੁਲਿਸ ਅੜਿਕੇ

ਲੁਧਿਆਣਾ ( ਸੁਖਚੈਨ ਮਹਿਰਾ ) ਸੀਆਈਏ-1 ਦੀ ਟੀਮ ਨੇ ਦੋਪਹੀਆ ਵਾਹਨ ਲੋਨ ਘੁਟਾਲੇ ਦੇ ਮਾਮਲੇ ਵਿੱਚ ਇੱਕ ਫਾਈਨਾਂਸ ਕੰਪਨੀ ਦੇ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਿਲ ਕੀਤਾ ਹੈ। ਮੁਲਜ਼ਮ ਲੋਕਾਂ ਦੇ ਦਸਤਾਵੇਜ਼ਾਂ ਦੀ ਵਰਤੋਂ ਕਰਕੇ ਵਾਹਨਾਂ ਦੀ ਫਾਈਨਾਂਸ ਕਰਦੇ ਸਨ । ਫੜੇ ਗਏ ਮੁਲਜ਼ਮਾਂ ਦੀ ਪਹਿਚਾਣ ਹਰਜਿੰਦਰ ਸਿੰਘ ਵਾਸੀ ਜਨਕਪੁਰੀ, ਲਲਿਤ ਕੁਮਾਰ ਵਾਸੀ ਮੁੱਹਲਾ ਹਰਬੰਸਪੁਰਾ , ਦੀਪਕ ਕੁਮਾਰ ਵਾਸੀ ਮੁੱਹਲਾ ਹੁੰਦਲ ਚੌਂਕ ਅਤੇ ਪੰਕਜ ਕੁਮਾਰ ਵਾਸੀ ਮੁੱਹਲਾ ਸ਼ਿਵਾ ਜੀ ਨਗਰ ਲੁਧਿਆਣਾ ਵੱਜੋ ਹੋਈ ਹੈ । ਮੁਲਜ਼ਮਾਂ ਕੋਲੋਂ ਅੱਧਾ ਦਰਜ ਦੇ ਕਰੀਬ ਐਕਟੀਵਾ ਸਕੂਟਰੀਆਂ ਬ੍ਰਾਮਦ ਕੀਤੀਆਂ ਗਈਆਂ ।



ਜਾਣਕਾਰੀ ਦਿੰਦਿਆਂ ਏਡੀਸੀਪੀ ਇੰਨਵੈਸਟੀਗੇਸ਼ਨ ਅਮਨਦੀਪ ਸਿੰਘ ਬਰਾੜ ਨੇ ਦੱਸਿਆ ਕਿ ਕਰਾਇਮ ਬ੍ਰਾਂਚ 1 ਇੰਚਾਰਜ ਇੰਸਪੈਕਟਰ ਰਾਜੇਸ ਕੁਮਾਰ ਦੀ ਅਗਵਾਈ ਚ ਏ ਐਸ ਆਈ . ਜਸਪਾਲ ਸਿੰਘ ਨੂੰ ਮੁਥੂਟ ਕੈਪੀਟਲ ਸਰਵਿਸ ਲਿਮਟਿਡ ਦੇ ਪੰਜਾਬ, ਚੰਡੀਗੜ੍ਹ ਅਤੇ ਹਰਿਆਣਾ ਦੇ ਇੰਚਾਰਜ ਅਮਨਦੀਪ ਸਿੰਘ ਨੇ ਸਿਕਾਇਤ ਦਰਜ ਕਰਵਾਈ ਸੀ ਕਿ ਉਨ੍ਹਾਂ ਦੀ ਕੰਪਨੀ ਦੋਪਹੀਆ ਵਾਹਨ ਖਰੀਦਣ ਲਈ ਲੋਨ ਦਿੰਦੀ ਹੈ। ਕੰਪਨੀ ਚ ਕੰਮ ਕਰਦੇ ਮੁਲਜ਼ਮਾਂ ਨੇ ਕਾਫੀ ਸਮਾਂ ਪਹਿਲਾਂ ਧੋਖਾਧੜੀ ਦੀ ਸ਼ੁਰੂਆਤ ਕੀਤੀ ਸੀ ਅਤੇ 2 ਮਹੀਨਿਆਂ ਚ 42 ਵਾਹਨਾਂ ਨੂੰ ਫਾਈਨਾਂਸ ਕੀਤਾ ਸੀ। ਉਹਨਾਂ ਧੋਖਾਧੜੀ ਦਾ ਖੁਲਾਸਾ ਉਦੋਂ ਹੋਇਆ ਜਦੋਂ ਕਿਸ਼ਤਾਂ ਨਾ ਮਿਲਣ ਤੇ ਫਾਈਨਾਂਸ ਕੰਪਨੀ ਨੇ ਲੋਨ ਵਿੱਚ ਦੱਸੇ ਗ੍ਰਾਹਕਾਂ ਦੇ ਘਰ ਪਹੁੰਚ ਕੀਤੀ ਗਈ ਤਾਂ ਉਹਨਾਂ ਗ੍ਰਾਹਕਾਂ ਨੇ ਦੱਸਿਆ ਕਿ ਅਸੀ ਕਿਸੀ ਵੀ ਤਰ੍ਹਾਂ ਦਾ ਕੋਈ ਸਕੂਟਰੀ ਫਾਇਨਾਸ ਨਹੀਂ ਕਰਵਾਈ । ਮੁੱਢਲੀ ਜਾਂਚ ਵਿੱਚ 4 ਮੁਲਜ਼ਮਾਂ ਦਾ ਇਹ ਘੁਟਾਲਾ ਸਾਬਿਤ ਹੋਣ ਉਪਰੰਤ ਮੁਲਜ਼ਮਾਂ ਨੂੰ ਟਰੈਪ ਲਗਾ ਕਿ ਬੱਸ ਸਟੈਂਡ ਦੇ ਯਮਲਾ ਜੱਟ ਪਾਰਕ ਕੋਲੋਂ ਗ੍ਰਿਫ਼ਤਾਰ ਕੀਤਾ ਗਿਆ , ਮੁਲਜ਼ਮਾਂ ਦੀ ਨਿਸ਼ਾਨਦੇਹੀ ਤੇ ਛਾਪੇਮਾਰੀ ਕਰ 6 ਐਕਟੀਵਾ ਸਕੂਟਰੀਆਂ ਬ੍ਰਾਮਦ ਕੀਤੀਆਂ ਗਈਆਂ । ਉਹਨਾਂ ਨੇ ਦੱਸਿਆ ਕਿ ਮੁਲਜ਼ਮ ਗ੍ਰਾਹਕਾਂ ਨੂੰ ਪੈਸਿਆਂ ਦਾ ਲਾਲਚ ਦੇਕੇ ਉਹਨਾਂ ਦੇ ਕਾਗਜ਼ਾਂ ਤੇ ਲੋਨ ਪਾਸ ਕਰਵਾ ਕੇ ਅੱਗੇ ਸਸਤੇ ਰੇਟ ਤੇ ਵੇਚ ਦਿੰਦੇ ਸਨ ।ਫਿਲਹਾਲ ਮੁਲਜ਼ਮਾਂ ਖਿਲਾਂਫ ਥਾਣਾ ਡਿਵੀਜਨ ਨੰ 5 ਵਿੱਚ ਮੁੱਕਦਮਾ ਦਰਜ ਕੀਤਾ ਗਿਆ ਅਤੇ ਮੁਲਜ਼ਮਾਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰ ਰਿਮਾਂਡ ਹਾਸਿਲ ਕਰ ਮੁਲਜ਼ਮਾਂ ਕੋਲੋਂ ਹੋਰ ਵਹਿਕਲ ਬ੍ਰਾਮਦ ਕੀਤੇ ਜਾਣਗੇ

# ਬੁੱਢਾ ਦਰਿਆ ਅੰਮ੍ਰਿਤ ਵਾਂਗ ਵਗੇ ਇਹ ਸੁਪਨਾ ਲੈਕੇ ਚਲੇ ਹਾਂ - ਰਾਜ ਸਭਾ ਮੈਂਬਰ ਸੰਤ ਸੀਚੇਵਾਲ*

ਲੁਧਿਆਣਾ (ਸੁਖਚੈਨ ਮਹਿਰਾ)
ਬੁੱਢੇ ਦਰਿਆ ਨੂੰ ਪ੍ਰਦੂਸ਼ਣ ਮੁਕਤ ਕਰਨ ਵਿੱਚ ਲੱਗੇ ਹੋਏ ਵਾਤਾਵਰਨ ਪ੍ਰੇਮੀ, ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਭੂਖੜੀ ਖੁਰਦ ਸਮੇਤ ਸ਼ਹਿਰ ਵਿੱਚਲੀਆਂ ਅੱਧੀ ਦਰਜਨ ਤੋਂ ਵੱਧ ਡੇਅਰੀਆਂ ਦਾ ਦੌਰਾ ਕੀਤਾ। ਡੇਅਰੀਆਂ ਵਾਲੀਆਂ ਥਾਵਾਂ ਵਿੱਚ ਗੋਬਰ ਅਤੇ ਮੂਤਰਾਲ ਨਾਲ ਸਾਰੀਆਂ ਸੜਕਾਂ ਭਰੀਆਂ ਦੇਖ ਕੇ ਸੰਤ ਸੀਚੇਵਾਲ ਦੰਗ ਰਹਿ ਗਏ। ਉਨ੍ਹਾਂ ਤੁਰੰਤ ਵਧੀਕ ਕਮਿਸ਼ਨਰ ਪਰਮਦੀਪ ਸਿੰਘ ਖਹਿਰਾ ਨੂੰ ਇਸ ਕੰਮ ਵਿੱਚ ਲਾਪ੍ਰਵਾਹੀ ਵਰਤਣ ਵਾਲੇ ਅਧਿਕਾਰੀਆਂ ਵਿਰੁੱਧ ਸਖਤ ਕਾਰਵਾਈ ਕਰਨ ਦੀਆਂ ਹਦਾਇਤਾਂ ਕਰਦਿਆ ਕਿਹਾ ਕਿ ਬੁੱਢੇ ਦਰਿਆ ਨੂੰ ਪਲੀਤ ਕਰਨ ਵਾਲੀ ਕਿਸੇ ਵੀ ਧਿਰ ਨਾਲ ਨਰਮੀ ਨਾ ਵਰਤੀ ਜਾਵੇ।

ਲੋਕ ਬਾਣੀ

ਭੂਖੜੀ ਖੁਰਦ ਵਿੱਚ ਰਾਜ ਸਭਾ ਮੈਂਬਰ ਸੰਤ ਸੀਚੇਵਾਲ ਨੇ ਦੋ ਵੱਡੀਆਂ ਐਕਸਾਵੇਟਰ ਮਸ਼ੀਨਾਂ ਲਾਈਆਂ ਹੋਈਆਂ ਹਨ ਜਿਹੜੀਆਂ ਚਾਰ ਦਿਨ ਤੋਂ ਪਿੰਡ ਦੇ ਛਪੱੜ ਵਿੱਚੋ ਗੋਹਾ ਕੱਢ ਰਹੀਆਂ ਹਨ।
ਜਿਲ੍ਹਾ ਪ੍ਰਸ਼ਾਸ਼ਨਿਕ ਅਧਿਕਾਰੀਆਂ ਨਾਲ ਜਮਾਲਪੁਰ ਐਸ.ਟੀ.ਪੀ. ਤੇ ਕੀਤੀ ਮੀਟਿੰਗ ਵਿੱਚ ਵੀ ਰਾਜ ਸਭਾ ਮੈਂਬਰ ਸੰਤ ਸੀਚੇਵਾਲ ਨੇ ਸਖਤ ਰੁਖ ਅਪਣਾਈ ਰੱਖਿਆ। ਉਨ੍ਹਾਂ ਕਿਹਾ ਕਿ 22 ਦਸੰਬਰ 2024 ਤੋਂ ਬੁੱਢੇ ਦਰਿਆ ਵਿੱਚ ਗੰਦੇ ਤੇ ਜ਼ਹਿਰੀਲੇ ਪਾਣੀ ਪੈਣ ਤੋਂ ਰੋਕਣ ਦੀ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਸੰਤ ਸੀਚੇਵਾਲ ਨੇ ਦੱਸਿਆ ਕਿ ਡੇਅਰੀਆਂ ਦਾ ਵੱਡੇ ਪੱਧਰ ‘ਤੇ ਦਰਿਆ ਵਿੱਚ ਗੋਬਰ ਆਉਣ ਨਾਲ ਇਸ ਦਾ ਵਹਿਣ ਰੁਕਿਆ ਹੋਇਆ ਹੈ।



ਇਸ ਮੀਟਿੰਗ ਵਿੱਚ ਪੀ.ਐਮ.ਆਈ.ਡੀ.ਸੀ ਦੇ ਸੀ.ਈ.ਓ ਦੀਪਤੀ ਉੱਪਲ, ਨਗਰ ਨਿਗਮ ਕਮਿਸ਼ਨਰ ਆਦਿਤਿਆ ਡੇਚਲਵਾਲ , ਵਧੀਕ ਕਮਿਸ਼ਨਰ ਪਰਮਦੀਪ ਸਿੰਘ ਖਹਿਰਾ, ਐਸ.ਡੀ.ਐਮ, ਜਸਲੀਨ ਕੌਰ ਭੁਲੱਰ , ਪੀ.ਪੀ.ਸੀ.ਬੀ, ਡਰੇਨਜ਼ ਵਿਭਾਗ, ਪੰਚਾਇਤੀ ਵਿਭਾਗ, ਗਲਾਡਾ,ਬਿਜਲੀ ਵਿਭਾਗ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।
ਇਹ ਚੱਲ ਰਹੀ ਮੁਹਿੰਮ ਬੁੱਢੇ ਦਰਿਆ ਨੂੰ ਇਸਦੀ ਕੁਦਰਤੀ, ਪ੍ਰਦੂਸ਼ਣ ਮੁਕਤ ਸਥਿਤੀ ਵਿੱਚ ਬਹਾਲ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਦਰਸਾਉਂਦੀ ਹੈ, ਅਤੇ ਸੰਤ ਸੀਚੇਵਾਲ ਨੇ ਇਸ ਪ੍ਰਕਿਰਿਆ ਵਿੱਚ ਆਪਣੇ ਪੂਰੇ ਸਮਰਥਨ ਅਤੇ ਸਹਿਯੋਗ ਦਾ ਭਰੋਸਾ ਦਿੱਤਾ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਹਰਬੰਸਪੁਰ ਵਿਖੇ ਕਰਵਾਈ ਅਧਿਆਪਕ-ਮਾਪੇ ਮਿਲਣੀ



ਲੋਕ ਬਾਣੀ

ਫਗਵਾੜਾ ( ਸੁਸ਼ੀਲ ਸ਼ਰਮਾ ) ਸਰਕਾਰੀ ਸੀਨੀਅਰ ਸੈਕੇਂਡਰੀ ਸਕੂਲ ਪਿੰਡ ਹਰਬੰਸਪੁਰ ਵਿਖੇ ਮਾਪੇ ਅਤੇ ਅਧਿਆਪਕ ਮਿਲਣੀ ਕਰਵਾਈ ਗਈ। ਇਸ ਮੌਕੇ ਗੱਲਬਾਤ ਕਰਦਿਆਂ ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਮਿਸ ਉਪਾਸਨਾ ਮਦਾਨ ਨੇ ਦੱਸਿਆ ਕਿ ਮਾਪਿਆਂ ਨਾਲ ਵਿਦਿਆਰਥੀਆਂ ਦੀਆਂ ਸਕੂਲ ਵਿਚ ਪੜ੍ਹਾਈ ਅਤੇ ਹੋਰ ਗਤੀਵਿਧੀਆਂ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ ਹੈ ਅਤੇ ਉਹਨਾਂ ਵਿਦਿਆਰਥੀਆਂ ਦੇ ਸਰਬ ਪੱਖੀ ਵਿਕਾਸ ਬਾਰੇ ਵਿਚਾਰ ਸਾਂਝੇ ਕੀਤੇ ਗਏ ਹਨ। ਉਹਨਾਂ ਦੱਸਿਆ ਕਿ ਅਧਿਆਪਕ-ਮਾਪੇ ਮਿਲਣੀ ਦੌਰਾਨ ਲਾਇਬ੍ਰੇਰੀ ਦੀਆਂ ਕਿਤਾਬਾਂ ਦਾ ਲੰਗਰ ਵੀ ਲਗਾਇਆ ਗਿਆ। ਸਮੂਹ ਮਾਪਿਆਂ ਵਲੋਂ ਪ੍ਰਿੰਸੀਪਲ ਉਪਾਸਨਾ ਮਦਾਨ ਅਤੇ ਸਟਾਫ ਵਲੋਂ ਵਿਦਿਆਰਥੀਆਂ ਦੇ ਸੁਨਿਹਰੀ ਭਵਿੱਖ ਲਈ ਕੀਤੀ ਜਾ ਰਹੀ ਮਿਹਨਤ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਕੈਂਪਸ ਮੈਨੇਜਰ ਕੁਲਵੀਰ ਸਿੰਘ, ਸੁਮਿਤ ਕੌਰ, ਪ੍ਰਿਅੰਕਾ ਕੁਮਾਰੀ ਆਦਿ ਹਾਜਰ ਸਨ।

# ਪਿੰਡ ਢੰਡੋਲੀ ਸਥਿਤ ਬਾਬਾ ਇੱਛਾਧਾਰੀ ਦੇ ਦਰਬਾਰ ਵਿਖੇ ਮਹਾਸ਼ਿਵਰਾਤਰੀ ਉਤਸਵ ਦੀਆਂ ਤਿਆਰੀਆਂ ਜੋਰਾਂ ‘ਤੇ



ਫਗਵਾੜਾ ( ਸੁਸ਼ੀਲ ਸ਼ਰਮਾ ) ਦਰਬਾਰ ਬਾਬਾ ਇੱਛਾਧਾਰੀ ਪਿੰਡ ਢੰਡੋਲੀ ਤਹਿਸੀਲ ਫਗਵਾੜਾ ਵਿਖੇ ਸੇਵਾਦਾਰ ਸੁਖਇਵੰਦਰ ਸਿੰਘ ਪਿੰਡ ਲੱਖਪੁਰ ਦੀ ਅਗਵਾਈ ਹੇਠ 26 ਫਰਵਰੀ ਨੂੰ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਮਨਾਏ ਜਾ ਰਹੇ ਮਹਾਸ਼ਿਵਰਾਤਰੀ ਉਤਸਵ ਦੀਆਂ ਤਿਆਰੀਆਂ ਜੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਹਨ। ਵਧੇਰੇ ਜਾਣਕਾਰੀ ਦਿੰਦਿਆਂ ਸੇਵਾਦਾਰ ਸੁਖਵਿੰਦਰ ਸਿੰਘ ਲੱਖਪੁਰ ਨੇ ਦੱਸਿਆ ਕਿ ਉਕਤ ਅਸਥਾਨ ਤੇ ਸੰਗਤ ਦੇ ਆਉਣ-ਜਾਣ ਲਈ ਕੱਚੇ ਰਸਤੇ ਨੂੰ ਇੰਟਰਲਾਕ ਟਾਇਲਾਂ ਲਗਾ ਕੇ ਪੱਕਾ ਕੀਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਮਹਾਸ਼ਿਵਰਾਤਰੀ ਮੌਕੇ ਵੱਡੀ ਗਿਣਤੀ ਵਿਚ ਸੰਗਤਾਂ ਬਾਬਾ ਇੱਛਾਧਾਰੀ ਦੇ ਅਸਥਾਨ ਤੇ ਨਤਮਸਤਕ ਹੋਣ ਲਈ ਪਹੁੰਚਦੀਆਂ ਹਨ। ਸੰਗਤਾਂ ਦੀ ਸਹੂਲਤ ਹਰੇਕ ਲੋੜੀਂਦਾ ਪ੍ਰਬੰਧ ਕੀਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ 26 ਫਰਵਰੀ ਦਿਨ ਬੁੱਧਵਾਰ ਨੂੰ ਮਹਾਸ਼ਿਵਰਾਤਰੀ ਉਤਸਵ ਐਨ.ਆਰ.ਆਈ. ਨਰਿੰਦਰ ਸਿੰਘ ਢੱਡਵਾਲ ਦੇ ਸਹਿਯੋਗ ਸਦਕਾ ਬੜੀ ਧੂਮਧਾਮ ਨਾਲ ਮਨਾਇਆ ਜਾਵੇਗਾ।

ਲੋਕ ਬਾਣੀ

# ਮਾਈ ਭਾਗੋ ਵਿੱਚ ਮੇਘਾ ਪਲੇਸਮੈਂਟ ਡਰਾਈਵ ਕਰਵਾਈ ਗਈ

ਫ਼ਗਵਾੜਾ (ਸੁਸ਼ੀਲ ਸ਼ਰਮਾ) ਮਾਈ ਭਾਗੋ ਸਰਕਾਰੀ ਪੌਲੀਟੈਕਨਿਕ ਕਾਲਜ,ਮਜੀਠਾ ਰੋਡ,ਅੰਮ੍ਰਿਤਸਰ ਵਿਖੇ ਪਲੇਸਮੈਂਟ ਡਰਾਈਵ ਕਰਵਾਈ ਗਈ। ਜਿਸ ਵਿੱਚ ਸੀਏਟ ਟਾਇਰਸ ਲਿਮਿਟਡ ਗੁਜਰਾਤ ਦੀ ਕੰਪਨੀ ਨੇ ਭਾਗ ਲਿਆ। ਸੀਅਟ ਕੰਪਨੀ ਦੁਆਰਾ ਆਪਣੇ ਦੋ ਐਚ ਆਰ ਨਿਸ਼ਾ ਗੋਪੇ ਅਤੇ ਕਾਜਲ ਠਾਕਰ ਨੂੰ ਇਹ ਡਰਾਈਵ ਨੂੰ ਕੰਪਲੀਟ ਕਰਨ ਲਈ ਭੇਜਿਆ ਗਿਆ। ਇਸ ਕੰਪਨੀ ਨੇ ਬੀਐਸਸੀ ਅਤੇ ਡਿਪਲੋਮਾ ਹੋਲਡਰ ਦੇ ਲਗਭਗ 200 ਤੋਂ ਜਿਆਦਾ ਸਟੂਡੈਂਟਸ ਦੀ ਭਰਤੀ ਕਰਨ ਦਾ ਟੀਚਾ ਰੱਖਿਆ ਸੀ। ਇਸ ਪਲੇਸਮੈਂਟ ਡਰਾਈਵ ਵਿੱਚ ਪੰਜਾਬ ਭਰ ਤੋਂ ਆਏ ਵੱਖ ਵੱਖ ਪੋਲੀਟੈਕਨਿਕ ਕਾਲਜਾਂ ਤੋਂ 270 ਵਿਦਿਆਰਥੀਆਂ ਨੇ ਹਿੱਸਾ ਲਿਆ,ਇਸ ਕੰਪਨੀ ਦੁਆਰਾ 162 ਸਟੂਡੈਂਟਸ ਨੂੰ ਸ਼ੋਰਟ ਲਿਸਟਡ ਕੀਤਾ ਗਿਆ। ਕੰਪਨੀ ਦੁਆਰਾ ਲਗਭਗ ਦੋ ਲੱਖ 40 ਹਜਾਰ ਰੁਪਏ ਸਲਾਨਾ ਪੈਕੇਜ ਦਿੱਤਾ ਜਾਣਾ ਹੈ, ਇਸ ਡਰਾਈਵ ਨੂੰ ਸਫਲਤਾ ਪੂਰਵਕ ਸਿਰੇ ਚੜਾਣ ਵਿੱਚ ਸ਼ੁਮਨਪ੍ਰੀਤ ਕੌਰ ਅਤੇ ਪਵਨਦੀਪ ਸਿੰਘ ਦਾ ਮੁੱਖ ਰੋਲ ਸੀ ਇਸ ਮੌਕੇ ਤੇ ਸੰਸਥਾ ਦੇ ਪ੍ਰਿੰਸੀਪਲ ਪਰਮਵੀਰ ਸਿੰਘ ਮੱਤੇਵਾਲ ਜੀ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਪਲੇਸਮੈਂਟ ਡਰਾਈਵ ਕਰਨ ਦਾ ਵਾਅਦਾ ਕੀਤਾ। ਇਸ ਮੌਕੇ ਤੇ ਜਸਵਿੰਦਰ ਪਾਲ ਕੌਰ ਸੰਧੂ,ਸੰਦੀਪ ਕੌਰ, ਗੁਰਪਿੰਦਰ ਗਿੱਲ, ਜਿਸਮਿੰਦਰਜੀਤ ਸਿੰਘ, ਨਰੇਸ਼ ਕੁਮਾਰ ਅਤੇ ਯਸ਼ਪਾਲ ਪਠਾਣੀਆ ਅਤੇ ਸਮੂਹ ਸਟਾਫ ਹਾਜ਼ਰ ਸੀ ।




SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements in Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
EDUCATIONAL SINCE 1958
64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565